PAIGAM-E-JAGAT

ਪੈ.ਗਾਮ-ਏ-ਜਗਤ

"ਸਫਲਤਾ ਦੀ ਸਭ ਤੋਂ ਖਾਸ ਗੱਲ ਇਹ ਹੈ ਕਿ ਇਹ ਉਨ੍ਹਾਂ ਲੋਕਾਂ ਦਾ ਪੱਖ ਪੂਰਦੀ ਹੈ ਜੋ ਸਖ਼ਤ ਮਿਹਨਤ ਕਰਦੇ ਹਨ।

Title code : CHAMUL00914 | E-mail : Info@paigamejagat.com | ਸ਼ਨ੿੍ਚਰਵਾਰ, 4 ਜੁਲਾਈ 2026, ਸਾਲ-3, ਅੰਕ-145, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਪੰਜਾਬ ਕਾਂਗਰਸ 'ਚ ਉੱਠੇ ਬਗਾਵਤੀ ਸੁਰ

ਚੰਨੀ ਦੇ ਘਰ ਪਹੁੰਚੀ ਪੰਜਾਬ ਕਾਂਗਰਸ ਲੀਡਰਸ਼ਿਪ, ਬੰਦ ਕਮਰੇ 'ਚ ਹੋਈ ਮੀਟਿੰਗ

ਪੰਜਾਬ ਦੇ ਲੋਕ ਚਰਨਜੀਤ ਸਿੰਘ ਚੰਨੀ ਨੂੰ ਪਸੰਦ ਕਰਦੇ ਹਨ-ਕਾਂਗੜ

ਰੂਪਨਗਰ, 3 ਜੁਲਾਈ (ਪੇਗਾਮ-ਏ-ਜਗਤ)

ਮੱਰਿਹਾ ਵਿਖੇ ਸਾਬਕਾ ਮੁੱਖ ਮੰਤਰੀ ਤੇ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਦੀ ਰਿਹਾਇਸ਼ ਵਿਖੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਦੀ ਮੀਟਿੰਗ ਹੋਈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਰਿਹਾਇਸ਼ 'ਤੇ ਕਾਂਗਰਸ ਦੇ ਵੱਡੇ ਲੀਡਰਾਂ ਸਣੇ ਮੌਜੂਦ ਕਾਂਗਰਸੀਆਂ ਦੀ ਮੀਟਿੰਗ ਤੋਂ ਬਾਅਦ ਇਹ ਐਲਾਨ ਕੀਤਾ ਗਿਆ ਕਿ ਸਰਬ ਸੰਮਤੀ ਨਾਲ ਇੱਕ ਕਮੇਟੀ ਬਣਾਈ ਗਈ ਹੈ। ਇਹ ਕਮੇਟੀ ਕਾਂਗਰਸ ਹਾਈਕਮਾਨ ਨਾਲ ਵਿਚਾਰ-ਵਟਾਂਦਰਾ ਕਰੇਗੀ। ਮੈਂਬਰਾਂ ਦੇ ਨਾਵਾਂ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ। ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਸ਼ਰਿਵਰ ਸਿੰਘ ਢਿੱਲੋਂ ਨੇ ਦੱਸਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਨੂੰ ਹਰਾਉਣ ਲਈ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਦੇ ਨਿਵਾਸ ਸਥਾਨ 'ਤੇ ਇਕੱਠੇ ਹੋਏ ਹਨ ਅਤੇ ਇਹ ਕਮੇਟੀ ਹਾਈਕਮਾਨ ਤੱਕ ਆਪਣੇ ਵਿਚਾਰ ਪਹੁੰਚਾਉਣ ਲਈ ਬਣਾਈ ਗਈ ਹੈ।

ਦਰਅਸਲ, ਕਾਂਗਰਸ ਹਾਈਕਮਾਨ ਨੇ ਪੰਜਾਬ ਸੰਗਠਨ ਵਿੱਚ ਫੇਰਬਦਲ ਕੀਤਾ ਹੈ, ਜਿਸ ਵਿੱਚ ਸੂਬਾ ਪ੍ਰਧਾਨ ਅਮਰਿਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਉਨ੍ਹਾਂ ਦੇ ਅਹੁਦਿਆਂ 'ਤੇ ਬਰਕਰਾਰ ਰੱਖਿਆ ਗਿਆ ਹੈ। ਸਾਰੇ ਧੜਿਆਂ ਨੂੰ ਇਕੱਠੇ ਕਰਨ ਲਈ ਚਾਰ ਨਵੀਆਂ ਕਮੇਟੀਆਂ ਵੀ ਬਣਾਈਆਂ ਗਈਆਂ ਹਨ। ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੂੰ ਇਸ ਵਾਰ ਪੰਜਾਬ ਕਾਂਗਰਸ ਪ੍ਰਧਾਨ ਦੇ ਅਹੁਦੇ ਲਈ ਸਭ ਤੋਂ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਸੀ, ਪਰ ਹਾਈਕਮਾਨ ਨੇ ਉਨ੍ਹਾਂ ਨੂੰ ਚੋਣ ਪ੍ਰਚਾਰ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ।

ਹਾਈਕਮਾਨ ਦੇ ਇਸ ਫੈਸਲੇ ਨੇ ਆਗੂਆਂ ਵਿੱਚ ਇੰਨੀ ਜ਼ਿਆਦਾ ਨਾਰਾਜ਼ਗੀ ਪੈਦਾ ਕਰ ਦਿੱਤੀ ਹੈ ਕਿ ਨਵੀਆਂ ਕਮੇਟੀਆਂ ਵਿੱਚ ਸ਼ਾਮਲ ਜ਼ਿਆਦਾਤਰ ਆਗੂਆਂ ਨੇ ਅਜੇ ਤੱਕ ਜਨਤਕ ਤੌਰ 'ਤੇ ਹਾਈਕਮਾਨ ਦਾ ਧੰਨਵਾਦ ਨਹੀਂ ਕੀਤਾ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਕੋਈ ਵੀ ਧੜਾ ਇਸ ਸੰਗਠਨਾਤਮਕ ਪੁਨਰਗਠਨ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਨਹੀਂ ਹੈ।

ਸਾਬਕਾ ਮੰਤਰੀ ਅਤੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਕਾਂਗੜ ਨੇ ਖੁੱਲ੍ਹ ਕੇ ਹਾਈਕਮਾਨ ਦੇ ਫੈਸਲੇ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਪੰਜਾਬ ਦੇ ਲੋਕ ਚਰਨਜੀਤ ਸਿੰਘ ਚੰਨੀ ਨੂੰ ਪਸੰਦ ਕਰਦੇ ਹਨ ਅਤੇ ਚਾਹੁੰਦੇ ਹਨ ਕਿ ਉਹ ਪੰਜਾਬ ਕਾਂਗਰਸ ਦੇ ਪ੍ਰਧਾਨ ਬਣਨ। ਇਸ ਦੌਰਾਨ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੇ ਰਾਜਾ ਵੜਿੰਗ ਦੀ ਅਗਵਾਈ ਹੇਠ ਕੰਮ ਕਰਨ ਤੋਂ

(ਵਾਕੀ ਸਫ਼ਾ 2 'ਤੇ)

ਪੰਜਾਬ ਕਾਂਗਰਸ ਦੇ ਕਾਟੋ ਕਲੇਸ਼ ਦਰਮਿਆਨ ਸੁਖਜਿੰਦਰ ਰੰਧਾਵਾ ਦੀ ਨਵੀਂ ਦਿੱਲੀ 'ਚ ਅਮਿਤ ਸ਼ਾਹ ਨਾਲ ਮੀਟਿੰਗ

ਚੰਡੀਗੜ੍ਹ, (ਪੇਗਾਮ-ਏ-ਜਗਤ)

ਪੰਜਾਬ ਕਾਂਗਰਸ ਵਿੱਚ ਚਲ ਰਹੇ ਅੰਦਰੂਨੀ ਕਲੇਸ਼ ਦਰਮਿਆਨ ਸੂਬੇ ਦੀ ਸਿਆਸਤ ਵਿੱਚ ਵੱਡੀ ਹਲਚਲ ਦੇਖਣ ਨੂੰ ਮਿਲੀ ਹੈ। ਇੱਕ ਪਾਸੇ ਜਿੱਥੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਸਮਰਥਕਾਂ ਨਾਲ ਚਮਕੌਰ ਸਾਹਿਬ ਵਿਖੇ ਮੀਟਿੰਗ ਕਰਕੇ ਆਪਣੀ ਤਾਕਤ ਦਿਖਾਈ ਜਾ ਰਹੀ ਹੈ, ਉਥੇ ਹੀ ਦੂਜੇ ਪਾਸੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਕੇ ਸਿਆਸੀ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਇਸ ਮੁਲਾਕਾਤ ਨੇ ਪੰਜਾਬ ਦੇ ਸਿਆਸੀ ਗਲਿਆਰਿਆਂ ਵਿੱਚ ਕਈ ਤਰ੍ਹਾਂ ਦੇ ਕਿਆਸ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਹਾਲਾਂਕਿ ਮੀਟਿੰਗ ਤੋਂ ਬਾਅਦ ਮੰਤੀਆਂ ਨਾਲ ਗਲਬਾਤ ਕਰਦਿਆਂ ਸੁਖਜਿੰਦਰ ਰੰਧਾਵਾ ਨੇ ਸਪੱਸ਼ਟ ਕੀਤਾ ਕਿ ਇਹ ਮੁਲਾਕਾਤ ਪੰਜਾਬ ਵਿੱਚ ਚਲ ਰਹੇ ਕੌਮਾਂਤਰਵਾਦ ਅਤੇ ਵਿਗੜਦੀ ਕਾਨੂੰਨ-ਵਿਵਸਥਾ (ਲਾਅ ਐਂਡ ਆਰਡਰ) ਨੂੰ ਲੈ ਕੇ ਹੋਈ ਹੈ। ਉਨ੍ਹਾਂ ਦੱਸਿਆ ਕਿ ਉਹ ਪਹਿਲਾਂ ਵੀ ਇਸ ਗੰਭੀਰ ਮਾਮਲੇ ਬਾਰੇ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖ ਚੁੱਕੇ ਹਨ ਅਤੇ ਅੱਜ ਉਸੇ ਸਬੰਧ ਵਿਚ ਵਿਸਥਾਰਪੂਰਵਕ ਚਰਚਾ ਕੀਤੀ ਗਈ ਹੈ।

ਗੁਜਰਾਤ ਅਤੇ ਮੱਧ ਪ੍ਰਦੇਸ਼ ਵਿੱਚ ਜੈਸ਼ ਦੇ 8 ਅੱਤਵਾਦੀ ਗ੍ਰਿਫ਼ਤਾਰ

ਅਹਿਮਦਾਬਾਦ, 3 ਜੁਲਾਈ (ਪੇਗਾਮ-ਏ-ਜਗਤ)

ਗੁਜਰਾਤ ਏਟੀਐਸ ਨੇ ਗੁਜਰਾਤ ਅਤੇ ਮੱਧ ਪ੍ਰਦੇਸ਼ ਤੋਂ ਅੱਤਵਾਦੀ ਸੰਗਠਨ ਜੈਸ਼-ਏ-ਮੁਹੰਮਦ ਨਾਲ ਜੁੜੇ ਅੱਠ ਅੱਤਵਾਦੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਨੂੰ ਵੱਖ-ਵੱਖ ਜ਼ਿਲ੍ਹਿਆਂ ਤੋਂ ਫੜਿਆ ਗਿਆ ਸੀ; ਉਨ੍ਹਾਂ ਵਿੱਚੋਂ ਦੋ ਦੀ ਉਮਰ 18 ਅਤੇ 19 ਸਾਲ ਹੈ। ਉਹ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਗੁਜਰਾਤ ਵਿੱਚ ਇੱਕ ਸਰਗਰਮ ਜੈਸ਼-ਏ-ਮੁਹੰਮਦ ਨੈੱਟਵਰਕ ਬਣਾਉਣ ਲਈ ਕੰਮ ਕਰ ਰਹੇ ਸਨ।

ਏਟੀਐਸ ਨੇ ਉਨ੍ਹਾਂ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਜੈਸ਼-ਏ-ਮੁਹੰਮਦ ਇੱਕ ਪਾਕਿਸਤਾਨ-ਅਧਾਰਤ ਅੱਤਵਾਦੀ ਸੰਗਠਨ ਹੈ ਜਿਸਦੀ ਸਥਾਪਨਾ ਅੱਤਵਾਦੀ ਮਸੂਦ ਅਜ਼ਹਰ ਦੁਆਰਾ 2000

(ਵਾਕੀ ਸਫ਼ਾ 2 'ਤੇ)

ਪਾਕਿਸਤਾਨ : ਖੱਡ 'ਚ ਡਿੱਗੀ ਯਾਤਰੀਆਂ ਨਾਲ ਭਰੀ ਬੱਸ, 40 ਲੋਕਾਂ ਦੀ ਮੌਤ

ਪਿਸ਼ਾਵਰ, 3 ਜੁਲਾਈ (ਪੇਗਾਮ-ਏ-ਜਗਤ)

ਪਾਕਿਸਤਾਨ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਉੱਤਰ-ਪੱਛਮੀ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਵਿੱਚ ਯਾਤਰੀਆਂ ਨਾਲ ਭਰੀ ਬੱਸ ਦੇ ਖੱਡ ਵਿੱਚ ਡਿੱਗ ਪਈ ਹੈ। ਇਸ ਹਾਦਸੇ ਵਿਚ ਅੱਤਵਾਰ ਅਤੇ ਬੱਚਿਆਂ ਸਮੇਤ ਘੱਟ-ਘੱਟ 40 ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਇਸ ਸਬੰਧੀ ਜਾਣਕਾਰੀ ਦਿੱਤੀ।

ਇਹ ਘਟਨਾ ਉਦੋਂ ਵਾਪਰੀ, ਜਦੋਂ ਪੇਸ਼ਾਵਰ ਜਾਣ ਵਾਲੀ ਬੱਸ ਬਲੋਚਿਸਤਾਨ ਦੇ ਸ਼ੇਰਾਨੀ ਜ਼ਿਲ੍ਹੇ ਨੂੰ ਪਾਰ ਕਰਨ ਤੋਂ ਬਾਅਦ ਖੈਬਰ ਪਖਤੂਨਖਵਾ ਸੂਬੇ ਦੇ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਵਿੱਚ ਦਾਖਲ ਹੋਈ। ਸ਼ੇਰਾਨੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਜ਼ਰਤ ਵਲੀ ਕੱਕਰ ਨੇ ਸੁੱਕਰਵਾਰ ਨੂੰ ਦੱਸਿਆ ਕਿ ਇਹ ਹਾਦਸਾ ਸ਼ੇਰਾਨੀ ਦੇ ਧਾਨਾ ਸਰ ਖੇਤਰ ਵਿੱਚ ਵਾਪਰਿਆ, ਜੋ ਕਿ ਬਲੋਚਿਸਤਾਨ ਦੇ ਸ਼ੇਰਾਨੀ ਜ਼ਿਲ੍ਹੇ ਅਤੇ ਉੱਤਰ-ਪੱਛਮੀ ਖੈਬਰ ਪਖਤੂਨਖਵਾ ਸੂਬੇ ਦੇ ਡੇਰਾ ਇਸਮਾਈਲ ਖਾਨ ਜ਼ਿਲ੍ਹੇ ਦੀ ਸਰਹੱਦ ਦੇ ਨੇੜੇ ਹੈ। ਦੋਵਾਂ ਜ਼ਿਲ੍ਹਿਆਂ ਦੀਆਂ ਪੁਲਿਸ ਅਤੇ ਬਚਾਅ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ ਅਤੇ ਲਾਸ਼ਾਂ ਅਤੇ ਜ਼ਖਮੀਆਂ ਨੂੰ ਖੱਡ ਤੋਂ ਬਾਹਰ ਕੱਢਿਆ ਅਤੇ ਨੇੜਲੇ ਹਸਪਤਾਲਾਂ ਵਿੱਚ ਪਹੁੰਚਾਇਆ। ਅਧਿਕਾਰੀਆਂ ਨੇ ਕਿਹਾ ਕਿ ਅੱਠ ਲੋਕਾਂ ਨੂੰ ਬਚਾ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਹਸਪਤਾਲ ਭੇਜਿਆ ਗਿਆ ਹੈ।

ਇਹ ਸ਼ੱਕ ਹੈ ਕਿ ਬੱਸ ਦੇ ਬ੍ਰੇਕ ਫੇਲ੍ਹ ਹੋ ਗਏ ਸਨ ਅਤੇ ਇਹ ਪਹਾੜੀ ਖੇਤਰ ਵਿੱਚ ਇੱਕ ਮੁਸ਼ਕਲ ਮੋੜ 'ਤੇ ਨੈਵੀਗੇਟ ਕਰਦੇ ਸਮੇਂ ਸੜਕ ਤੋਂ ਫਿਸਲ ਗਈ।

ਹਾਲਾਂਕਿ ਅਧਿਕਾਰੀਆਂ ਨੇ ਕਿਹਾ ਕਿ ਕਾਰਣ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। 1122 ਬਚਾਅ ਟੀਮ ਦੇ ਅਨੁਸਾਰ, ਜਦੋਂ ਇਹ ਘਟਨਾ ਵਾਪਰੀ ਤਾਂ ਬੱਸ ਵਿੱਚ 48 ਲੋਕ ਸਵਾਰ ਸਨ। ਬਲੋਚਿਸਤਾਨ ਸੂਬਾਈ ਸਰਕਾਰ ਨੇ ਯਾਤਰੀਆਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਅਤੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ, ਜਦੋਂ ਕਿ ਮੁੱਖ ਮੰਤਰੀ

(ਵਾਕੀ ਸਫ਼ਾ 2 'ਤੇ)

ਰਾਮ ਮੰਦਰ ਦਾਨ ਚੋਰੀ ਮਾਮਲਾ

'ਜੋ ਵੀ ਦੋਸ਼ੀ ਪਾਇਆ ਜਾਵੇ, ਉਸ ਨੂੰ ਦਿੱਤੀ ਜਾਵੇ ਸਖ਼ਤ ਸਜ਼ਾ': ਆਰਐਸਐਸ



ਨਵੀਂ ਦਿੱਲੀ, 3 ਜੁਲਾਈ (ਪੇਗਾਮ-ਏ-ਜਗਤ)

ਅਯੋਧਿਆ ਦੇ ਸ਼੍ਰੀ ਰਾਮ ਲੱਲਾ ਮੰਦਰ 'ਚ ਰੱਖੇ ਦਾਨ ਬਾਕਸ 'ਚੋਂ ਚੋਰੀ ਦੇ ਮੁੱਦੇ 'ਤੇ ਆਰਐਸਐਸ ਦਾ ਪਹਿਲਾ ਬਿਆਨ ਆਇਆ ਹੈ। ਸੰਗਠਨ ਦੇ ਜਨਰਲ ਸਕੱਤਰ ਦੱਤਾਤ੍ਰੇਯ ਹੋਸਾਬਲੇ ਨੇ ਕਿਹਾ ਹੈ ਕਿ ਜਾਂਚ 'ਚ ਜੋ ਵੀ ਦੋਸ਼ੀ ਪਾਇਆ ਜਾਂਦਾ ਹੈ, ਉਸ ਨੂੰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ।

ਹੋਸਾਬਲੇ ਨੇ ਕਿਹਾ, 'ਅਯੋਧਿਆ ਦੇ ਸ਼੍ਰੀ ਰਾਮ ਲੱਲਾ ਮੰਦਰ ਵਿੱਚ ਰੱਖੇ ਦਾਨ ਬਾਕਸ ਵਿੱਚੋਂ ਚੋਰੀ ਦੀ ਮੰਦਭਾਗੀ ਘਟਨਾ ਨੇ ਪੂਰੇ ਸਮਾਜ ਅਤੇ ਰਾਮ ਭਗਤਾਂ ਦੀਆਂ ਭਾਵਨਾਵਾਂ ਅਤੇ ਸ਼ਰਧਾ ਨੂੰ ਠੇਸ ਪਹੁੰਚਾਈ ਹੈ ਅਤੇ ਅਸੀਂ ਸਾਰੇ ਇਸ ਘਟਨਾ ਤੋਂ ਦੁਖੀ ਹਾਂ।'

ਉਨ੍ਹਾਂ ਅੱਗੇ ਕਿਹਾ, ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੀ ਵਿਸ਼ੇਸ਼ ਬੇਨਤੀ 'ਤੇ ਉੱਤਰ ਪ੍ਰਦੇਸ਼ ਸਰਕਾਰ ਨੇ ਇਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਹੈ ਅਤੇ ਇਸ ਦੀਆਂ ਸਿਫਾਰਸ਼ਾਂ ਦੇ ਆਧਾਰ 'ਤੇ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਹੈ। ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਜੋ ਵੀ ਜਾਂਚ ਵਿੱਚ ਦੋਸ਼ੀ ਪਾਇਆ ਗਿਆ, ਉਸ ਨੂੰ ਸਖ਼ਤ ਸਜ਼ਾ ਮਿਲੇ।'

ਇਸ ਦੇ ਨਾਲ ਹੀ ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਟਰੱਸਟ ਆਰਐਸਐਸ ਅਤੇ ਸਮੂਚੇ ਹਿੰਦੂ ਸਮਾਜ ਦੀ ਤਰਫੋਂ ਕੁਦਰਤੀ ਤੌਰ 'ਤੇ ਇਹ ਉਮੀਦ ਕਰਦਾ ਹੈ ਕਿ ਇਸ ਅਤਿ ਨਿੰਦਣਯੋਗ ਘਟਨਾ ਨੂੰ ਅਪਵਾਦ ਮੰਨਿਆ ਜਾਵੇ ਅਤੇ ਪ੍ਰਣਾਲੀ ਅਤੇ ਕਾਰਜ ਪ੍ਰਣਾਲੀ ਦੀਆਂ ਸਾਰੀਆਂ ਕਮੀਆਂ ਨੂੰ ਦੂਰ ਕਰਨ ਲਈ ਪੂਰੀ ਗੰਭੀਰਤਾ ਨਾਲ ਪ੍ਰਭਾਵੀ ਕਦਮ ਚੁੱਕੇ ਜਾਣ ਤਾਂ ਜੋ ਅਯੋਧਿਆ ਅਤੇ ਮੰਦਰ ਵਿਚ ਕਰੋੜਾਂ ਰਾਮ ਭਗਤਾਂ ਦੀ ਆਸਥਾ ਅਤੇ ਸ਼ਰਧਾ ਅਟੁੱਟ ਰਹੇ।

ਉਨ੍ਹਾਂ ਅੱਗੇ ਕਿਹਾ, ਮੌਜੂਦਾ ਭੰਬਲਭੂਸਾ ਤੇ ਅਨਿਸ਼ਚਿਤਤਾ ਖਤਮ ਹੋਣੀ ਚਾਹੀਦੀ ਹੈ। ਇਸ ਨਜ਼ਰੀਏ ਤੋਂ ਅਸੀਂ ਉਮੀਦ ਕਰਦੇ ਹਾਂ ਕਿ ਮੰਦਰ ਪ੍ਰਬੰਧਨ ਅਤੇ ਪ੍ਰਸ਼ਾਸਨ ਦੁਆਰਾ ਬਣਾਈ ਗਈ ਵਿਸ਼ੇਸ਼ ਜਾਂਚ ਟੀਮ ਸਾਰੇ ਜ਼ਰੂਰੀ ਕਦਮ ਚੁੱਕੇਗੀ। ਸਾਨੂੰ ਭਰੋਸਾ ਹੈ ਕਿ ਚੰਗੇ ਵਿੱਤੀ ਪ੍ਰਬੰਧਨ, ਨਿਰਪੱਖ ਅਤੇ ਪਾਰਦਰਸ਼ੀ ਪ੍ਰਣਾਲੀ ਅਤੇ ਨਿਰਵਿਘਨ ਕੰਮਕਾਜ ਅਤੇ ਸ਼ੁੱਧਤਾ ਅਤੇ ਸ਼ੁੱਚੀਆਂ ਧਾਰਮਿਕ ਭਾਵਨਾਵਾਂ ਨਾਲ ਭਰੇ ਵਾਤਾਵਰਣ ਦੁਆਰਾ, ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਹਿੰਦੂ ਸਮਾਜ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਨਾ ਜਾਰੀ ਰੱਖੇਗਾ। ਆਰਐਸਐਸ ਦੇ ਜਨਰਲ ਸਕੱਤਰ ਨੇ ਕਿਹਾ, ਰਾਸ਼ਟਰੀ

(ਵਾਕੀ ਸਫ਼ਾ 2 'ਤੇ)

ਆਸਟਰੇਲੀਆ ਅਤੇ ਨਿਊਜ਼ੀਲੈਂਡ ਦੇ ਦੌਰੇ 'ਤੇ ਜਾਣਗੇ ਪ੍ਰਧਾਨ ਮੰਤਰੀ ਮੋਦੀ

- ਵਿਦਿਆਰਥੀ ਵੀਜ਼ਿਆਂ ਵਿਚ ਦੇਰੀ ਦਾ ਮਾਮਲਾ ਆਸਟਰੇਲੀਆ ਕੋਲ ਚੁੱਕਣਗੇ ਪੀਐਮ ਮੋਦੀ

ਨਵੀਂ ਦਿੱਲੀ, 3 ਜੁਲਾਈ (ਪੇਗਾਮ-ਏ-ਜਗਤ)

ਭਾਰਤ ਸਰਕਾਰ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਗਾਮੀ ਆਸਟਰੇਲੀਆ ਦੌਰੇ ਦੌਰਾਨ ਭਾਰਤੀ ਵਿਦਿਆਰਥੀ ਵੀਜ਼ਿਆਂ ਵਿੱਚ ਹੋ ਰਹੀ ਦੇਰੀ ਦਾ ਮੁੱਦਾ ਆਸਟਰੇਲੀਆ ਸਰਕਾਰ ਸਾਹਮਣੇ ਉਠਾਇਆ ਜਾਵੇਗਾ। ਇਹ ਮੁੱਦਾ ਦੋਵੇਂ ਦੇਸ਼ਾਂ ਦੇ ਆਗੂਆਂ ਵਿਚਾਲੇ ਹੋਣ ਵਾਲੀ ਗੱਲਬਾਤ ਦਾ ਅਹਿਮ ਹਿੱਸਾ ਹੋਵੇਗਾ।

ਵਿਦੇਸ਼ ਮੰਤਰਾਲੇ ਦੇ ਜੁਆਇੰਟ ਸਕੱਤਰ (ਇੰਡੋ-ਪੈਸੀਫਿਕ) ਵਿਸ਼ਵੇਸ਼ ਨੇਗੀ ਨੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਆਸਟਰੇਲੀਆ ਅਜੇ ਵੀ ਭਾਰਤੀ ਵਿਦਿਆਰਥੀਆਂ ਲਈ ਪੜ੍ਹਾਈ ਦਾ ਇੱਕ ਬਹੁਤ ਪਸੰਦੀਦਾ ਦੇਸ਼ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਵਿਦਿਆਰਥੀ ਵੀਜ਼ਿਆਂ ਦੀ ਮਨਜ਼ੂਰੀ ਵਿੱਚ ਹੋ ਰਹੀ ਦੇਰੀ ਅਤੇ ਦਾਖ਼ਲਾ ਪ੍ਰਕਿਰਿਆ ਨਾਲ ਜੁੜੀਆਂ ਹੋਰ ਸਮੱਸਿਆਵਾਂ ਬਾਰੇ ਜਾਣਕਾਰੀ ਹੈ। ਉਨ੍ਹਾਂ ਕਿਹਾ ਕਿ ਭਾਰਤ ਲਗਾਤਾਰ ਆਸਟਰੇਲੀਆ ਸਰਕਾਰ ਨਾਲ ਸੰਪਰਕ ਵਿੱਚ ਹੈ ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਵੀਜ਼ਾ ਪ੍ਰਕਿਰਿਆ ਕਾਰਨ ਅਸਲ ਵਿਦਿਆਰਥੀਆਂ ਅਤੇ ਪੇਸ਼ਵਰਾਂ ਦੇ ਆਸਟਰੇਲੀਆ ਜਾ ਕੇ ਪੜ੍ਹਾਈ ਜਾਂ ਕੰਮ ਕਰਨ ਦੇ ਮੌਕਿਆਂ 'ਤੇ ਕੋਈ ਮਾੜਾ ਅਸਰ ਨਾ ਪਵੇ। ਉਨ੍ਹਾਂ ਦੱਸਿਆ ਕਿ ਇਹ ਮੁੱਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਆਸਟਰੇਲਿਆਈ ਲੀਡਰਸ਼ਿਪ ਵਿਚਾਲੇ ਹੋਣ

(ਵਾਕੀ ਸਫ਼ਾ 2 'ਤੇ)

ਬਾਲ ਜਿਨਸੀ ਸ਼ੋਸ਼ਣ ਸਮੱਗਰੀ

ਇਸ਼ਤਿਹਾਰਾਂ ਦੇ ਮਾਮਲੇ 'ਚ ਮੈਟਾ

ਸਮਰੱਥ ਗਿਆਨਦੀਪ ਪੁਸਤਕਾਲਾ: ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਨਵਾਂ ਕੇਂਦਰ

ਊਨਾ, 3 ਜੁਲਾਈ
(ਪੈਗ਼ਾਮ-ਏ-ਜਗਤ)

ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫ਼ਲਤਾ ਲਈ ਮਿਹਨਤ ਦੇ ਨਾਲ-ਨਾਲ ਸ਼ਾਂਤ, ਅਨੁਸ਼ਾਸਿਤ ਅਤੇ ਪ੍ਰੇਰਣਾਦਾਇਕ ਪੜਾਈ ਦਾ ਮਾਹੌਲ ਵੀ ਬਹੁਤ ਮਹੱਤਵਪੂਰਨ ਹੁੰਦਾ ਹੈ। ਇਸ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਊਨਾ ਨੇ 'ਸਮਰੱਥ' ਪਹਿਲ ਤਹਿਤ ਮਿਨੀ ਸਕੱਤਰੇਤ ਊਨਾ ਦੇ ਕਮਰਾ ਨੰਬਰ 221 ਵਿੱਚ ਕਰੀਬ 15 ਲੱਖ ਰੁਪਏ ਦੀ ਲਾਗਤ ਨਾਲ 'ਸਮਰੱਥ ਗਿਆਨਦੀਪ ਪੁਸਤਕਾਲਾ' ਸਥਾਪਿਤ ਕੀਤਾ ਹੈ। ਅੱਜ ਇਹ ਪੁਸਤਕਾਲਾ ਮੁਕਾਬਲੇ ਦੀਆਂ ਪ੍ਰੀਖਿਆਵਾਂ ਅਤੇ ਉੱਚ ਸਿੱਖਿਆ ਦੀ ਤਿਆਰੀ ਕਰ ਰਹੇ ਨੌਜਵਾਨਾਂ ਲਈ ਇੱਕ ਉੱਤਮ ਅਧਿਐਨ ਕੇਂਦਰ ਵਜੋਂ ਉਭਰ ਰਿਹਾ ਹੈ।

ਮੁੱਖ ਮੰਤਰੀ ਨਾਰਾਣ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਹੇਠ ਨੌਜਵਾਨਾਂ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਨੂੰ ਤਰਜੀਹ ਦੇਣ ਦੀ ਰਾਜ ਸਰਕਾਰ ਦੀ ਸੋਚ ਅਨੁਸਾਰ ਡਿਪਟੀ ਕਮਿਸ਼ਨਰ ਜਤਿਨ ਲਾਲ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ **'ਸਮਰੱਥ'** ਪਹਿਲ ਦਾ ਉਦੇਸ਼ ਨੌਜਵਾਨਾਂ ਨੂੰ ਸਕਾਰਾਤਮਕ ਮੌਕੇ, ਗੁਣਵੱਤਾ ਭਰਪੂਰ ਸਰੋਤ ਅਤੇ ਬਿਹਤਰ ਮਾਰਗਦਰਸ਼ਨ ਪ੍ਰਦਾਨ ਕਰਨਾ ਹੈ।

ਗਿਆਨਦੀਪ ਪੁਸਤਕਾਲਾ ਇਸੇ ਸੋਚ ਦਾ ਸਾਕਾਰ ਰੂਪ ਹੈ। ਇਸ ਦੇ ਜ਼ਰੀਏ ਨੌਜਵਾਨਾਂ ਨੂੰ ਜ਼ਿਲ੍ਹੇ ਵਿੱਚ ਹੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵਧੀਆ ਅਧਿਐਨ ਮਾਹੌਲ ਮੁਹੱਈਆ ਕਰਵਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਜਤਿਨ ਲਾਲ ਦੀ ਕਲਪਨਾ ਨੂੰ ਸਾਕਾਰ ਕਰਨ ਵਾਲਾ ਇਹ ਪੁਸਤਕਾਲਾ ਸਿਰਫ਼ ਪੜਾਈ ਦਾ ਕੇਂਦਰ ਹੀ ਨਹੀਂ, ਸਗੋਂ ਨੌਜਵਾਨਾਂ ਵਿੱਚ ਅਧਿਐਨ ਦੀ ਸੰਸਕ੍ਰਿਤੀ ਨੂੰ ਵਿਕਸਤ ਕਰਨ ਦਾ ਵੀ ਇੱਕ ਯਤਨ ਹੈ।

ਉਨ੍ਹਾਂ ਦਾ ਮੰਨਣਾ ਹੈ ਕਿ ਪੜਿਭਾ ਕਿਸੇ ਸਰੋਤ ਦੀ ਮੋਹਤਾਜ ਨਹੀਂ ਹੁੰਦੀ, ਲੋਭ ਸਿਰਫ਼ ਅਜਿਹੇ ਮਾਹੌਲ ਦੀ ਹੁੰਦੀ ਹੈ ਜਿੱਥੇ ਨੌਜਵਾਨ ਪੂਰੀ ਇਕਾਗਰਤਾ ਅਤੇ ਅਨੁਸ਼ਾਸਨ ਨਾਲ ਆਪਣੇ ਟੀਚੇ ਦੀ ਤਿਆਰੀ ਕਰ ਸਕਣ। ਇਸੇ ਸੋਚ ਨਾਲ ਇਸ ਪੁਸਤਕਾਲੇ ਦੀ ਸਥਾਪਨਾ ਕੀਤੀ ਗਈ ਹੈ, ਤਾਂ ਜੋ ਖ਼ਾਸ ਤੌਰ 'ਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਆਪਣੇ ਹੀ ਜ਼ਿਲ੍ਹੇ ਵਿੱਚ ਗੁਣਵੱਤਾ ਭਰਪੂਰ ਅਧਿਐਨ ਸਹੂਲਤਾਂ ਮਿਲ ਸਕਣ।

ਮਿੰਨੀ ਸਕੱਤਰੇਤ ਊਨਾ ਤੋਂ ਜ਼ਿਲਾਵਾਰ ਸਮਰੱਥ ਗਿਆਨਦੀਪ ਪੁਸਤਕਾਲਾ ਪੰਜਾਬਰ ਅਤੇ ਮੈਡੀ ਖ਼ਾਸ ਵਿੱਚ ਵੀ ਸਥਾਪਿਤ ਕੀਤੇ ਗਏ ਹਨ। ਇਸ ਦੇ ਨਾਲ ਹੀ ਮਾਤਾ ਸ੍ਰੀ ਚਿੰਤਪੂਰਨੀ ਦੇ ਸ੍ਰੀ ਮਾਈਦਾਸ ਸਦਨ ਸਥਿਤ ਪੁਸਤਕਾਲੇ ਦੇ ਆਧੁਨਿਕੀਕਰਨ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾ ਰਿਹਾ ਹੈ, ਤਾਂ ਜੋ ਵੱਖ ਤੋਂ ਵੱਧ ਵਿਦਿਆਰਥੀਆਂ ਨੂੰ ਬਿਹਤਰ ਅਧਿਐਨ ਸਹੂਲਤਾਂ ਪ੍ਰਾਪਤ ਹੋ ਸਕਣ।

ਸਹਾਇਕ ਕਮਿਸ਼ਨਰ ਵਿਨੈ ਮੋਦੀ ਨੇ ਦੱਸਿਆ ਕਿ ਪੁਸਤਕਾਲਾ ਹਰ ਰੋਜ਼ ਸਵੇਰੇ 9 ਵਜੇ ਤੋਂ ਸ਼ਾਮ 6 ਵਜੇ ਤੱਕ ਖੁੱਲ੍ਹਾ ਰਹਿੰਦਾ ਹੈ। ਇੱਥੇ ਇੱਕ ਸਮੇਂ ਵਿੱਚ ਲਗਭਗ 30 ਵਿਦਿਆਰਥੀਆਂ ਦੇ ਬੈਠ ਕੇ ਅਧਿਐਨ ਕਰਨ ਦੀ ਵਿਵਸਥਾ ਹੈ। ਪੁਸਤਕਾਲੇ ਵਿੱਚ ਏਅਰ ਕੰਡੀਸ਼ਨਡ ਅਧਿਐਨ ਕਮਰਾ, ਮੁਫ਼ਤ ਵਾਈ-ਫਾਈ, ਆਧੁਨਿਕ ਫਰਨੀਚਰ, ਆਰਾਮਦਾਇਕ ਬੈਠਣ ਦੀ ਸਹੂਲਤ ਅਤੇ ਪੂਰੀ ਤਰ੍ਹਾਂ ਸ਼ਾਂਤ ਅਤੇ ਅਨੁਸ਼ਾਸਿਤ ਮਾਹੌਲ ਉਪਲਬਧ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਸਿਰਫ਼ 200 ਰੁਪਏ ਪ੍ਰਤੀ ਮਹੀਨਾ ਫ਼ੀਸ ਦੇ ਕੇ ਵਿਦਿਆਰਥੀ ਇਸ ਸਹੂਲਤ ਦਾ ਲਾਭ ਲੈ ਸਕਦੇ ਹਨ। ਪੁਸਤਕਾਲੇ ਦੇ ਸੰਚਾਲਨ ਲਈ ਬਣਾਏ ਗਏ ਨਿਯਮ ਇਹ ਯਕੀਨੀ ਬਣਾਉਂਦੇ ਹਨ ਕਿ ਪੜਾਈ ਦਾ ਮਾਹੌਲ ਹਰ ਸਮੇਂ ਇਕਾਗਰਤਾ ਅਤੇ ਅਨੁਸ਼ਾਸਨ ਦੇ ਅਨੁਕੂਲ ਬਣਿਆ ਰਹੇ। ਪੁਸਤਕਾਲੇ ਦੀ ਮੈਂਬਰਸ਼ਿਪ ਲੈਣ ਦੇ ਇੱਛਕ ਨੌਜਵਾਨ ਮਿੰਨੀ ਸਕੱਤਰੇਤ, ਊਨਾ ਸਥਿਤ **ਰੌਂਡ ਕਰਾਸ ਸੋਸਾਇਟੀ** ਦੇ ਸਕੱਤਰ ਕਰਾਸ, ਕਮਰਾ ਨੰਬਰ 406 ਵਿੱਚ ਦਫ਼ਤਰੀ ਸਮੇਂ ਦੌਰਾਨ ਸੰਪਰਕ ਕਰ ਸਕਦੇ ਹਨ।

ਦੁਸਾਝਾ ਦੀ ਰਹਿਣ ਵਾਲੀ ਸੋਨਾਕਸ਼ੀ ਨੇ ਦੱਸਿਆ ਕਿ ਜਮਾਤ ਬਾਰ੍ਹਵੀਂ ਦੀ ਪੜਾਈ ਪੂਰੀ ਕਰਨ ਤੋਂ ਬਾਅਦ ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੀ ਹੈ। ਪਹਿਲਾਂ ਉਹ ਘਰ ਵਿੱਚ ਹੀ ਪੜਾਈ ਕਰਦੀ ਸੀ, ਪਰ ਉੱਚ ਇਕਾਗਰਤਾ ਹੋ ਕੇ ਪੜ੍ਹਨ ਲਈ ਉਚਿਤ ਮਾਹੌਲ ਨਹੀਂ ਮਿਲਦਾ ਸੀ। ਗਿਆਨਦੀਪ ਪੁਸਤਕਾਲੇ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ ਹੁਣ ਉਸ ਨੂੰ ਨਿਯਮਿਤ ਅਧਿਐਨ ਲਈ ਸ਼ਾਂਤ, ਸੁਰੱਖਿਅਤ ਅਤੇ ਪ੍ਰੇਰਣਾਦਾਇਕ ਮਾਹੌਲ ਮਿਲਿਆ ਹੈ। ਉਹ ਦੀਆ ਕਰਿਤਾ ਨੇ ਕਿ ਇੱਥੇ ਉਪਲਬਧ ਮੁਫ਼ਤ ਵਾਈ-ਫਾਈ, ਏਅਰ ਕੰਡੀਸ਼ਨਡ ਕਮਰੇ ਅਤੇ ਅਨੁਸ਼ਾਸਿਤ ਮਾਹੌਲ ਉਸ ਦੀ ਤਿਆਰੀ ਵਿੱਚ ਕਾਫ਼ੀ ਮਦਦ ਕਰ ਰਹੇ ਹਨ। ਗਿਆਨਦੀਪ ਪੁਸਤਕਾਲਾ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦਾ ਹੈ ਕਿ ਜੇਕਰ ਸਹੀ ਮਾਹੌਲ, ਬਿਹਤਰ ਸਰੋਤ ਅਤੇ ਉਚਿਤ ਮਾਰਗਦਰਸ਼ਨ ਮਿਲ ਜਾਵੇ ਤਾਂ ਪ੍ਰਤਿਭਾ ਆਪਣੇ ਲਈ ਰਸਤਾ ਆਪ ਬਣਾ ਲੈਂਦੀ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਹੈ। ਸਿਰਫ਼ 200 ਰੁਪਏ ਪ੍ਰਤੀ ਮਹੀਨਾ ਦੀ ਫ਼ੀਸ 'ਤੇ ਉਪਲਬਧ ਇਹ ਪੁਸਤਕਾਲਾ ਊਨਾ ਦੇ ਨੌਜਵਾਨਾਂ ਨੂੰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਹੈ।

ਵਿਧਾਇਕਾ ਅਨਮੋਲ ਗਗਨ ਮਾਨ ਦਾ ਵਾਅਦਾ ਹੋਇਆ ਪੂਰਾ, ਬਹਾਦਰ ਸਿੰਘ ਓਕੇ ਬਣੇ ਕੁਰਾਲੀ ਨਗਰ ਕੌਂਸਲ ਦੇ ਪ੍ਰਧਾਨ

- ਕੁਰਾਲੀ ਨਗਰ ਕੌਂਸਲ 'ਤੇ ਆਮ ਆਦਮੀ ਪਾਰਟੀ ਦਾ ਕਬਜ਼ਾ, ਬਹਾਦਰ ਸਿੰਘ ਓਕੇ ਪ੍ਰਧਾਨ ਚੁਣੇ ਗਏ
- ਸ਼੍ਰੀਮਤੀ ਸ਼ਮਾ ਮੀਤ ਪ੍ਰਧਾਨ ਚੁਣੇ ਗਏ, ਜਿੱਤ ਤੋਂ ਬਾਅਦ ਕੱਢਿਆ ਗਿਆ ਵਿਸ਼ਾਲ ਰੋਡ ਸ਼ੋਅ

ਕੁਰਾਲੀ, 3 ਜੁਲਾਈ
(ਪੈਗ਼ਾਮ-ਏ-ਜਗਤ)

ਕੁਰਾਲੀ ਨਗਰ ਕੌਂਸਲ ਦੇ ਨਵ-ਚੁਣੇ ਕੌਂਸਲਰਾਂ ਦੇ ਸਹੁੰ ਚੁੱਕ ਸਮਾਗਮ ਤੋਂ ਬਾਅਦ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਕਰਵਾਈ ਗਈ। ਵੋਟਿੰਗ ਉਪਰੰਤ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਹਾਦਰ ਸਿੰਘ ਓਕੇ ਨਗਰ ਕੌਂਸਲ ਦੇ ਪ੍ਰਧਾਨ, ਜਦਕਿ ਸ਼੍ਰੀਮਤੀ ਸ਼ਮਾ ਮੀਤ ਪ੍ਰਧਾਨ ਚੁਣੇ ਗਏ।

ਪ੍ਰਧਾਨ ਦੀ ਚੋਣ ਵਿੱਚ ਕੁੱਲ 18 ਵੋਟਾਂ ਪਈਆਂ, ਜਿਨ੍ਹਾਂ ਵਿੱਚ 17 ਕੌਂਸਲਰਾਂ ਅਤੇ ਇੱਕ ਵਿਧਾਇਕ ਦੀ ਵੋਟ ਸ਼ਾਮਲ ਸੀ। ਬਹਾਦਰ ਸਿੰਘ ਓਕੇ ਨੂੰ 12 ਵੋਟਾਂ ਮਿਲੀਆਂ। ਇਸ ਚੋਣ ਕੁੱਝ ਹੋਰ ਕੌਂਸਲਰਾਂ ਨੇ ਵੀ ਆਮ ਆਦਮੀ ਪਾਰਟੀ ਉਮੀਦਵਾਰ ਨੂੰ ਬਾਹਰੋਂ ਸਮਰਥਨ ਦਿੱਤਾ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਚੋਣ ਪ੍ਰਚਾਰ ਦੌਰਾਨ ਹਲਕਾ ਵਿਧਾਇਕਾ ਅਨਮੋਲ ਗਗਨ ਮਾਨ ਨੇ ਜਨ ਸਭਾਵਾਂ ਵਿੱਚ ਐਲਾਨ ਕੀਤਾ ਸੀ ਕਿ ਆਮ ਆਦਮੀ ਪਾਰਟੀ ਦੀ ਜਿੱਤ ਤੋਂ ਬਾਅਦ ਬਹਾਦਰ ਸਿੰਘ ਓਕੇ ਨੂੰ ਨਗਰ ਕੌਂਸਲ ਦਾ ਪ੍ਰਧਾਨ ਬਣਾਇਆ ਜਾਵੇਗਾ। ਅੱਜ ਚੋਣ ਨਤੀਜਿਆਂ ਨਾਲ ਉਨ੍ਹਾਂ ਦਾ ਇਹ ਵਾਅਦਾ ਪੂਰਾ ਹੋ ਗਿਆ।

ਚੋਣ ਨਤੀਜਿਆਂ ਤੋਂ ਬਾਅਦ ਵਿਧਾਇਕਾ ਅਨਮੋਲ ਗਗਨ ਮਾਨ ਦੀ ਅਗਵਾਈ ਹੇਠ ਨਵ-ਚੁਣੇ ਪ੍ਰਧਾਨ, ਮੀਤ ਪ੍ਰਧਾਨ ਅਤੇ ਸਮੂਹ ਕੌਂਸਲਰਾਂ ਨਾਲ ਸ਼ਹਿਰ ਵਿੱਚ ਵਿਸ਼ਾਲ ਰੋਡ ਸ਼ੋਅ ਕੱਢਿਆ ਗਿਆ। ਰੋਡ ਸ਼ੋਅ ਦੌਰਾਨ ਪਾਰਟੀ ਵਰਕਰਾਂ ਅਤੇ ਸ਼ਹਿਰ ਵਾਸੀਆਂ ਨੇ ਨਵੀਂ ਟੀਮ ਦਾ ਗ਼ਰਮਾਂ ਸਵਾਗਤ ਕੀਤਾ। ਇਸ ਮੌਕੇ ਵਿਧਾਇਕਾ ਅਨਮੋਲ ਗਗਨ ਮਾਨ ਨੇ ਨਵ-ਚੁਣੇ ਪ੍ਰਧਾਨ ਬਹਾਦਰ ਸਿੰਘ ਓਕੇ ਅਤੇ ਮੀਤ ਪ੍ਰਧਾਨ ਸ਼ਮਾ ਕਾਲੀਆ ਨੂੰ ਵਧਾਈ ਦਿੰਦਿਆਂ ਕਿਹਾ ਕਿ ਕੁਰਾਲੀ ਦੇ ਲੋਕਾਂ ਦੇ ਵਿਕਾਸ ਅਤੇ ਇਮਾਨਦਾਰ ਰਾਜਨੀਤੀ 'ਤੇ ਆਪਣੀ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀ ਨਵੀਂ ਟੀਮ ਸ਼ਹਿਰ ਦੇ ਸਰਵਪੱਖੀ ਵਿਕਾਸ, ਸਫ਼ਾਈ ਪ੍ਰਬੰਧ, ਬੁਨਿਆਦੀ ਸਹੂਲਤਾਂ ਦੇ ਵਿਸਥਾਰ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਏਗੀ। ਉਨ੍ਹਾਂ ਸਮੂਹ ਕੌਂਸਲਰਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੁਰਾਲੀ ਦੇ ਵਿਕਾਸ ਲਈ ਮਿਲਜੁਲ ਕੇ ਕੰਮ ਕਰਨ ਦੀ ਅਪੀਲ ਵੀ ਕੀਤੀ। ਜਿੱਤ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਵਰਕਰਾਂ ਨੇ ਢੋਲ ਦੀ ਥਾਪ 'ਤੇ ਭੰਗੜਾ ਪਾਇਆ, ਮਿਠਾਈਆਂ ਵੰਡੀਆਂ ਅਤੇ ਨਵੀਂ ਟੀਮ ਨੂੰ ਵਧਾਈ ਦਿੱਤੀ। ਪਾਰਟੀ ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੀਂ ਕੌਂਸਲ ਸ਼ਹਿਰ ਦੇ ਵਿਕਾਸ ਨੂੰ ਨਵੀਆਂ ਸੁਲੰਦੀਆਂ 'ਤੇ ਲੈ ਕੇ ਜਾਵੇਗੀ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰੇਗੀ।

ਹਿਮਾਚਲ ਦਾ ਪਹਿਲਾ ਪੂਰੀ ਤਰ੍ਹਾਂ ਸੀਸੀਟੀਵੀ ਨਿਗਰਾਨੀ ਵਾਲਾ ਵਿਧਾਨ ਸਭਾ ਹਲਕਾ ਬਣਿਆ ਹਾਰੋਲੀ

- ਉਪ ਮੁੱਖ ਮੰਤਰੀ ਨੇ ਹਾਰੋਲੀ ਵਿੱਚ 5.50 ਕਰੋੜ ਰੁਪਏ ਦੇ 'ਆਈਨਾ' ਕਮਾਂਡ ਐਂਡ ਕੰਟਰੋਲ ਸੈਂਟਰ ਦਾ ਕੀਤਾ ਲੋਕ ਅਰਪਣ
- ਕਿਹਾ-ਸਮਾਰਟ ਪੁਲਿਸਿੰਗ ਨਾਲ ਅਪਰਾਧੀਆਂ 'ਤੇ ਰਹੇਗੀ ਤਿੱਖੀ ਨਜ਼ਰ, ਜਲਦ ਸ਼ੁਰੂ ਹੋਵੇਗਾ ਹਾਰੋਲੀ ਬੱਸ ਡਿਪੂ

ਹਾਰੋਲੀ/ਊਨਾ, 3 ਜੁਲਾਈ
(ਪੈਗ਼ਾਮ-ਏ-ਜਗਤ)

ਊਨਾ ਜ਼ਿਲ੍ਹੇ ਦਾ ਹਾਰੋਲੀ ਵਿਧਾਨ ਸਭਾ ਹਲਕਾ ਹਿਮਾਚਲ ਪ੍ਰਦੇਸ਼ ਦਾ ਪਹਿਲਾ ਅਜਿਹਾ ਵਿਧਾਨ ਸਭਾ ਖੇਤਰ ਬਣ ਗਿਆ ਹੈ, ਜਿੱਥੇ ਪੂਰੇ ਹਲਕੇ ਵਿੱਚ ਸੀਸੀਟੀਵੀ ਨਿਗਰਾਨੀ ਪ੍ਰਣਾਲੀ ਲਾਗੂ ਕੀਤੀ ਗਈ ਹੈ। ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸ਼ੁੱਕਰਵਾਰ ਨੂੰ 5.50 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਿਤ ਅਤਿ-ਆਧੁਨਿਕ 'ਆਈਨਾ' ਕਮਾਂਡ ਐਂਡ ਕੰਟਰੋਲ ਸੈਂਟਰ (ਸੀਸੀਟੀਵੀ ਸਰਵੇਲੈਂਸ ਸਿਸਟਮ) ਦਾ ਲੋਕ ਅਰਪਣ ਕੀਤਾ। ਮਿੰਨੀ ਸਕੱਤਰੇਤ ਸਥਿਤ ਡੀਐਸਪੀ ਦਫ਼ਤਰ ਵਿਖੇ ਸਥਾਪਿਤ ਇਹ ਕੇਂਦਰ ਆਧੁਨਿਕ ਅਤੇ ਤਕਨੀਕ ਆਧਾਰਿਤ ਸਮਾਰਟ ਪੁਲਿਸਿੰਗ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਉਪ ਮੁੱਖ ਮੰਤਰੀ ਨੇ ਕਿਹਾ ਕਿ ਹੁਣ ਹਾਰੋਲੀ ਵਿੱਚ ਅਪਰਾਧਿਕ ਮਨਸ਼ਾ ਨਾਲ ਦਾਖ਼ਲ ਹੋਣ ਵਾਲਾ ਕੋਈ ਵੀ ਵਿਅਕਤੀ ਕਾਨੂੰਨ ਦੀ ਨਜ਼ਰ ਤੋਂ ਨਹੀਂ ਬਚ ਸਕੇਗਾ। ਵਿਧਾਨ ਸਭਾ ਖੇਤਰ ਦੇ 60 ਮਹੱਤਵਪੂਰਨ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਲਗਾਏ ਗਏ 195 ਸੀਸੀਟੀਵੀ ਕੈਮਰਿਆਂ ਰਾਹੀਂ ਚੌਵੀ ਘੰਟੇ ਨਿਗਰਾਨੀ ਕੀਤੀ ਜਾਵੇਗੀ। ਅਪਰਾਧ ਵਿੱਚ ਵਰਤੇ ਜਾਂ ਸ਼ੱਕੀ ਵਾਹਨਾਂ ਦੇ ਖੇਤਰ ਵਿੱਚ ਦਾਖ਼ਲ ਹੁੰਦਿਆਂ ਹੀ ਕਮਾਂਡ ਐਂਡ ਕੰਟਰੋਲ ਸੈਂਟਰ ਨੂੰ ਤੁਰੰਤ ਅਲਰਟ ਮਿਲੇਗਾ, ਜਿਸ ਨਾਲ ਪੁਲਿਸ ਤੁਰੰਤ ਕਾਰਵਾਈ ਕਰ ਸਕੇਗੀ। ਇਸ ਦੇ ਨਾਲ ਹੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਵੀ ਕੜੀ ਨਜ਼ਰ ਰੱਖੀ ਜਾਵੇਗੀ ਅਤੇ ਤਕਨੀਕ ਦੀ ਮਦਦ ਨਾਲ ਚਲਾਨ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਹਾਈ-ਰੈਜ਼ੋਲੂਸ਼ਨ ਕੈਮਰਿਆਂ ਅਤੇ ਅਤਿ-ਆਧੁਨਿਕ ਤਕਨੀਕ ਨਾਲ ਲੈਸ 'ਆਈਨਾ' ਪ੍ਰੋਜੈਕਟ ਨਾਲ ਹਾਰੋਲੀ ਦੇਸ਼ ਦੇ ਚੁਣਿੰਦੇ ਵਿਧਾਨ ਸਭਾ ਖੇਤਰਾਂ ਵਿੱਚ ਸ਼ਾਮਲ ਹੋ ਗਿਆ ਹੈ, ਜਿੱਥੇ ਅਪਰਾਧ 'ਤੇ ਪ੍ਰਭਾਵਸ਼ਾਲੀ ਨਿਗਰਾਨੀ ਰੱਖੀ ਜਾਵੇਗੀ। ਇਸ ਦੇ ਨਾਲ ਹੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਤੁਰੰਤ ਚਲਾਨ ਕੱਟੇ ਜਾਣ ਕਾਰਨ ਸੜਕ ਸੁਰੱਖਿਆ ਵਿੱਚ ਵੀ ਵਾਧਾ ਹੋਵੇਗਾ। ਅਪਰਾਧ ਵਿਰੁੱਧ ਕਾਰਵਾਈ ਅਤੇ ਸ਼ੱਕੀ ਵਾਹਨਾਂ ਦੀ ਤੇਜ਼ ਪਛਾਣ ਲਈ ਇਹ ਸਿਸਟਮ ਬਹੁਤ ਕਾਰਗਰ ਸਾਬਤ ਹੋਵੇਗਾ।

ਉਪ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਿਸਟਮ ਨੂੰ ਸਫ਼ਲ ਬਣਾਉਣ ਲਈ ਨਿਰਵਿਘਨ ਬਿਜਲੀ ਸਪਲਾਈ ਲਈ ਸੋਲਰ ਪੈਨਲ ਲਗਾਏ ਗਏ ਹਨ ਅਤੇ ਇਸ ਨੂੰ ਸਥਾਨਕ ਪੁਲਿਸ ਸਟੇਸ਼ਨ ਨਾਲ ਜੋੜਿਆ ਗਿਆ ਹੈ। ਇਸ ਦੇ ਨਾਲ ਹੀ ਪੁਲਿਸ ਬਲ ਦੀ ਲੋੜ ਅਨੁਸਾਰ ਸਟਾਫ਼ ਅਤੇ ਹੋਰ ਬੁਨਿਆਦੀ ਸਹੂਲਤਾਂ ਵਧਾਉਣ ਲਈ ਸਰਕਾਰ ਲਗਾਤਾਰ ਕਦਮ ਚੁਕ ਰਹੀ ਹੈ।

ਪੇਂਡੂ ਖੇਤਰਾਂ ਵਿੱਚ ਆਧੁਨਿਕ ਸਹੂਲਤਾਂ ਦੇ ਵਿਸਥਾਰ 'ਤੇ ਜ਼ੋਰ

ਉਪ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਜ਼ਿਲ੍ਹਾ ਮੁੱਖ ਦਫ਼ਤਰਾਂ ਦੇ ਨਾਲ-ਨਾਲ ਪੇਂਡੂ ਖੇਤਰਾਂ ਵਿੱਚ ਵੀ ਆਧੁਨਿਕ ਸਹੂਲਤਾਂ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰਾਂ ਦੀ ਤਰਜ਼ 'ਤੇ ਪਿੰਡਾਂ ਵਿੱਚ ਵੀ ਅਤਿ-ਆਧੁਨਿਕ ਸਹੂਲਤਾਂ ਵਿਕਸਤ ਕੀਤੀਆਂ ਜਾ ਰਹੀਆਂ ਹਨ। ਹਾਰੋਲੀ ਵਿਖੇ ਐਮਬੀਐਮ ਦਫ਼ਤਰ, ਵੱਖ-ਵੱਖ ਸਰਕਾਰੀ ਦਫ਼ਤਰਾਂ ਅਤੇ ਵਾਹਨ ਰਜਿਸਟ੍ਰੇਸ਼ਨ ਵਰਗੀਆਂ ਸਹੂਲਤਾਂ ਖੇਤਰ ਦੇ ਸਮੁੱਚੇ ਵਿਕਾਸ ਦੀ ਮਿਸਾਲ ਹਨ। ਉਨ੍ਹਾਂ ਦੱਸਿਆ ਕਿ ਹਾਰੋਲੀ ਵਿੱਚ ਲਗਭਗ 25 ਹਜ਼ਾਰ ਵਾਹਨ ਰਜਿਸਟਰ ਹਨ ਅਤੇ ਫ਼ਰਜ਼ ਲੋਕਾਂ ਨੂੰ ਰਜਿਸਟ੍ਰੇਸ਼ਨ ਲਈ ਹੋਰ ਥਾਵਾਂ 'ਤੇ ਨਹੀਂ ਜਾਣਾ ਪੈਂਦਾ।

ਹਾਰੋਲੀ ਬੱਸ ਡਿਪੂ ਜਲਦ ਹੋਵੇਗਾ ਸ਼ੁਰੂ

ਉਪ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ ਕੁਝ ਦਿਨਾਂ ਵਿੱਚ ਹਾਰੋਲੀ ਵਿੱਚ ਬੱਸ ਡਿ

ਵਿਕਾਸ ਦਾ ਪ੍ਰਣ, 'ਆਪ' ਸਰਕਾਰ ਲਈ ਇੱਕ ਹਿਸਾਬ : ਸੋਮ ਪ੍ਰਕਾਸ਼ ਕੈਂਬ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਜਪਾ ਜ਼ਿਲ੍ਹਾ ਪ੍ਰਧਾਨ ਨਿਪੁਣ ਸ਼ਰਮਾ ਦੀ ਪ੍ਰਧਾਨਗੀ ਹੇਠ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਸਾਬਕਾ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਕੈਂਬ ਨੇ ਨਗਰ ਨਿਗਮ ਚੋਣਾਂ ਲਈ ਪਾਰਟੀ ਦਾ ਮੈਨੀਫੈਸਟੋ ਜਾਰੀ ਕਰਦਿਆਂ ਕਿਹਾ ਕਿ ਇਹ ਸਿਰਫ਼ ਚੋਣ ਵਾਅਦਿਆਂ ਦਾ ਦਸਤਾਵੇਜ਼ ਨਹੀਂ ਹੈ, ਸਗੋਂ ਹੁਸ਼ਿਆਰਪੁਰ ਦੇ ਵਸਨੀਕਾਂ ਦੇ ਬਿਹਤਰ ਭਵਿੱਖ ਲਈ ਇੱਕ ਰੋਡਮੈਪ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਅਸਫਲਤਾਵਾਂ ਵਿਰੁੱਧ ਇੱਕ ਚਾਰਜਸ਼ੀਟ ਹੈ। ਭਾਜਪਾ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ, ਪੰਜਾਬ ਸਰਕਾਰ ਨੇ ਵਿਕਾਸ, ਕਾਨੂੰਨ ਵਿਵਸਥਾ, ਸਿਹਤ, ਰੁਜ਼ਗਾਰ ਅਤੇ ਨਗਰ ਪ੍ਰਸ਼ਾਸਨ - ਹਰ ਮੋਰਚੇ 'ਤੇ ਜਨਤਾ ਨੂੰ ਨਿਰਾਸ਼ ਕੀਤਾ ਹੈ। ਹੁਣ ਸਮਾਂ ਆ ਗਿਆ ਹੈ ਕਿ ਜਨਤਾ ਇਸ ਲੋਕ ਵਿਰੋਧੀ ਸਰਕਾਰ ਨੂੰ ਲੋਕਤੰਤਰੀ ਜਵਾਬ ਦੇਵੇ।

ਭਾਜਪਾ ਨੇ ਕਿਹਾ ਕਿ ਮੈਨੀਫੈਸਟੋ ਵਿੱਚ ਸਵੱਛ ਪ੍ਰਸ਼ਾਸਨ, ਪਾਰਦਰਸ਼ੀ ਨਗਰ ਨਿਗਮ, ਆਧੁਨਿਕ ਬੁਨਿਆਦੀ ਢਾਂਚਾ, ਬਿਹਤਰ ਸਿਹਤ ਸੰਭਾਲ ਸੇਵਾਵਾਂ, ਨੌਜਵਾਨਾਂ ਲਈ ਮੌਕੇ, ਅੌਰਤਾਂ ਦੀ ਸੁਰੱਖਿਆ, ਵਪਾਰੀਆਂ ਅਤੇ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਅਤੇ ਹਰ ਵਾਰਡ ਵਿੱਚ ਸੰਤੁਲਿਤ ਵਿਕਾਸ ਦਾ ਸਪੱਸ਼ਟ ਵਾਅਦਾ ਕੀਤਾ ਗਿਆ ਹੈ। ਭਾਜਪਾ ਦਾ ਟੀਚਾ ਰਾਜਨੀਤੀ ਨਹੀਂ, ਸਗੋਂ ਜਨਤਕ ਸੇਵਾ ਅਤੇ ਸ਼ਹਿਰ ਦਾ ਸਰਵਪੱਖੀ ਵਿਕਾਸ ਹੈ।

ਭਾਜਪਾ ਨੇ ਦੋਸ਼ ਲਗਾਇਆ ਕਿ 2012 ਤੋਂ ਬਾਅਦ ਹੁਸ਼ਿਆਰਪੁਰ ਵਿੱਚ 700 ਤੋਂ ਵੱਧ ਠੇਕੇ 'ਤੇ ਕੰਮ ਕਰਨ ਵਾਲੇ ਸਫਾਈ ਕਰਮਚਾਰੀਆਂ ਨੂੰ ਨਿਯਮਤ ਨਹੀਂ ਕੀਤਾ ਗਿਆ ਹੈ, ਜਦੋਂ ਕਿ ਪਿਛਲੀਆਂ ਸਾਰੀਆਂ ਸਰਕਾਰਾਂ ਨੇ ਆਪਣੇ ਕਾਰਜਕਾਲ ਦੌਰਾਨ ਕਰਮਚਾਰੀਆਂ ਨੂੰ ਨਿਯਮਤ ਕੀਤਾ ਸੀ। ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਵੱਡੇ-ਵੱਡੇ ਵਾਅਦੇ ਕੀਤੇ ਸਨ, ਫਿਰ ਵੀ ਅੱਜ ਕਰਮਚਾਰੀ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹਨ। ਭਾਜਪਾ ਨੇ ਨੋਟ ਕੀਤਾ ਕਿ, NCRB ਰਿਪੋਰਟ ਦੇ ਅਨੁਸਾਰ, ਨਸ਼ਿਆਂ ਦੀ ਓਵਰਡੋਜ਼ ਕਾਰਨ ਹੋਣ ਵਾਲੀਆਂ ਮੌਤਾਂ ਵਿੱਚ ਪੰਜਾਬ ਦੇਸ਼ ਵਿੱਚ ਪਹਿਲੇ ਸਥਾਨ 'ਤੇ ਹੈ। ਹੁਸ਼ਿਆਰਪੁਰ ਦੀ ਜੇਲ੍ਹ ਕਲੋਨੀ ਤੋਂ ਮਨਪ੍ਰੀਤ ਸਿੰਘ (ਉਰਫ਼ ਨੰਨਾ) ਦੁਆਰਾ ਜਾਰੀ ਕੀਤੀ ਗਈ ਇੱਕ ਵੀਡੀਓ ਨੇ ਜੇਲ੍ਹ ਅਧਿਕਾਰੀਆਂ ਅਤੇ ਗੈਂਗਸਟਰਾਂ ਵਿਚਕਾਰ ਮਿਲੀਭੁਗਤ ਦੇ ਗੰਭੀਰ ਦੋਸ਼ਾਂ ਨੂੰ ਸਾਹਮਣੇ ਲਿਆਂਦਾ ਹੈ। ਜੇਕਰ ਇਨ੍ਹਾਂ ਦੋਸ਼ਾਂ ਵਿੱਚ ਸੱਚਾਈ ਹੈ, ਤਾਂ ਇਹ ਪੰਜਾਬ ਦੀ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਗੰਭੀਰ ਪਰਛਾਵਾਂ ਪਾਉਂਦਾ ਹੈ, ਅਤੇ ਸਰਕਾਰ ਨੂੰ ਤੁਰੰਤ ਨਿਰਪੱਖ ਜਾਂਚ ਦਾ ਆਦੇਸ਼ ਦੇਣਾ ਚਾਹੀਦਾ ਹੈ।

ਭਾਜਪਾ ਨੇ ਦੋਸ਼ ਲਗਾਇਆ ਕਿ ਸ਼ਿਮਲਾ ਪਹਾੜੀ ਚੌਕ ਦੇ 1.57 ਕਰੋੜ ਰੁਪਏ ਦੇ ਨਵੀਨੀਕਰਨ ਪ੍ਰੋਜੈਕਟ ਵਿੱਚ ਜਨਤਕ ਟੈਕਸ ਦੇ ਪੈਸੇ ਦੀ ਦੁਰਵਰਤੋਂ ਕੀਤੀ ਗਈ। ਆਮ ਆਦਮੀ ਪਾਰਟੀ ਦੇ ਝੰਡੇ, ਨੇਤਾਵਾਂ ਦੇ ਪੋਸਟਰ ਅਤੇ ਸਰਕਾਰੀ ਖਜ਼ਾਨੇ ਤੋਂ ਫੰਡ ਪ੍ਰਾਪਤ ਰਾਜਨੀਤਿਕ ਪ੍ਰਚਾਰ ਸਮੱਗਰੀ ਪ੍ਰਦਰਸ਼ਿਤ ਕਰਕੇ ਸਰਕਾਰੀ ਸਰੋਤਾਂ ਦੀ ਸ਼ਰੇਆਮ ਦੁਰਵਰਤੋਂ ਕੀਤੀ ਗਈ।

ਭਾਜਪਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਹੁਸ਼ਿਆਰਪੁਰ ਦੇ ਸਰਕਾਰੀ ਹਸਪਤਾਲਾਂ ਵਿੱਚ ਐਮਰਜੰਸੀ ਮਸ਼ੀਨਾਂ ਅਜੇ ਤੱਕ ਉਪਲਬਧ ਨਹੀਂ ਕਰਵਾਈਆਂ ਗਈਆਂ ਹਨ। ਮਰੀਜ਼ਾਂ ਨੂੰ ਨਿੱਜੀ ਹਸਪਤਾਲਾਂ ਵਿੱਚ ਮਹਿੰਗਾ ਇਲਾਜ ਕਰਵਾਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ, ਜਿਸ ਨਾਲ ਗਰੀਬ ਅਤੇ ਮੱਧ ਵਰਗ 'ਤੇ ਵਾਧੂ ਵਿੱਤੀ ਬੋਝ ਪੈ ਰਿਹਾ ਹੈ।

ਭਾਜਪਾ ਨੇ ਟਿੱਪਣੀ ਕੀਤੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਝੂਠੇ ਪ੍ਰਚਾਰ, ਵਿਸ਼ਵਾਸਘਾਤ, ਵਿਗਾੜਦੀ ਕਾਨੂੰਨ ਵਿਵਸਥਾ ਅਤੇ ਵਿਕਾਸ ਦੀ ਘਾਟ ਵੱਲ ਧੱਕ ਦਿੱਤਾ ਹੈ। ਮੁੱਖ ਮੰਤਰੀ ਅਤੇ ਉਨ੍ਹਾਂ ਦੇ ਮੰਤਰੀ ਪ੍ਰਚਾਰ ਵਿੱਚ ਰੁੱਝੇ ਹੋਏ ਹਨ, ਜਦੋਂ ਕਿ ਜਨਤਾ ਸ਼ੁਨਿਆਦੀ ਸਹੂਲਤਾਂ ਲਈ ਸੰਘਰਸ਼ ਕਰ ਰਹੀ ਹੈ।

ਭਾਜਪਾ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਨਗਰ ਨਿਗਮ ਚੋਣਾਂ ਵਿੱਚ, ਹੁਸ਼ਿਆਰਪੁਰ ਦੇ ਲੋਕ ਭਾਜਪਾ ਦੇ ਮੈਨੀਫੈਸਟੋ ਵਿੱਚ ਆਪਣਾ ਭਰੋਸਾ ਰੱਖਣਗੇ, ਵਿਕਾਸ, ਪਾਰਦਰਸ਼ਤਾ ਅਤੇ ਚੰਗੇ ਸ਼ਾਸਨ ਲਈ ਵੋਟ ਪਾਉਣਗੇ ਅਤੇ ਪੰਜਾਬ ਸਰਕਾਰ ਦੀਆਂ ਅਸਫਲਤਾਵਾਂ ਦਾ ਲੋਕਤੰਤਰੀ ਜਵਾਬ ਦੇਣਗੇ।

ਇਸ ਮੌਕੇ ਸਾਬਕਾ ਮੰਤਰੀ ਤੀਕਸ਼ਣ ਸੂਦ, ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਨਗਰ ਚੋਣ ਸਹਿ-ਇੰਚਾਰਜ ਸੁਸ਼ੀਲ ਸ਼ਰਮਾ, ਸੂਬਾ ਸਕੱਤਰ ਮੀਨੂੰ ਸੋਨੀ, ਸਾਬਕਾ ਮੇਅਰ ਸ਼ਿਵ ਸੂਦ, ਸਤੀਸ਼ ਬਾਵਾ, ਕਮਲ ਵਰਮਾ, ਵਿਪੁਲ ਵਾਲੀਆ ਅਤੇ ਅਰੁਣੇਸ਼ ਕਪੂਰ ਸਮੇਤ ਹੋਰ ਹਾਜ਼ਰ ਸਨ।

ਖਾਲਸਾ ਕਾਲਜ ਮਾਹਿਲਪੁਰ ਵਿੱਚ ਭੰਗੜਾ ਸਿਖਲਾਈ ਕੈਂਪ ਦੀ ਸਮਾਪਤੀ ਮੌਕੇ ਸਿੱਖਿਆਰਥੀ ਸਨਮਾਨਿਤ

ਪੈਗ਼ਾਮ-ਏ-ਜਗਤ/ਗੜ੍ਹਸ਼ੰਕਰ
3 ਜੁਲਾਈ (ਹਰੀ ਕ੍ਰਿਸ਼ਨ ਗੌਗਜ਼)

ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਦੀ ਅਗਵਾਈ ਅਤੇ ਭੰਗੜਾ ਟੀਮ ਦੇ ਕਨਵੀਨਰ ਪ੍ਰੋ ਮਨਪ੍ਰੀਤ ਸੇਠੀ ਦੀ ਦੇਖ ਰੇਖ ਅਧੀਨ ਲਗਾਏ ਗਏ 20 ਦਿਨਾਂ ਭੰਗੜਾ ਸਿਖਲਾਈ ਕੈਂਪ ਦੇ ਅੱਜ ਆਖਰੀ ਦਿਨ ਸਿੱਖਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਿਖਲਾਈ ਕੈਂਪ ਦੌਰਾਨ ਭੰਗੜੇ ਦੀ ਸਿਖਲਾਈ ਲਈ ਕੋਚ ਰਜਿੰਦਰ ਕੁਮਾਰ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ ਅਤੇ ਕੈਂਪ ਦੀ ਸਫਲਤਾ ਵਿਚ ਕਾਲਜ ਦੀ ਭੰਗੜਾ ਟੀਮ ਦੇ ਪੂਰਾਣੇ ਵਿਦਿਆਰਥੀਆਂ ਖੁਸ਼ਵੰਤ ਸਿੰਘ ਬੈਸ, ਹਰਲੀਨ ਰਾਏ ਅਤੇ ਸ਼ਰਨਦੀਪ ਸਿੰਘ ਝੂਟੀ ਨੇ ਵਿਸ਼ੇਸ਼ ਯੋਗਦਾਨ ਪਾਇਆ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਕਿਹਾ ਕਿ ਇਸ

ਕੈਂਪ ਦੌਰਾਨ ਹਰ ਉਮਰ ਵਰਗ ਦੇ ਵਿਅਕਤੀਆਂ, ਬਜ਼ੁਰਗਾਂ, ਅੌਰਤਾਂ ਅਤੇ ਸਕੂਲਾਂ ਕਾਲਜਾਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਉਨ੍ਹਾਂ ਦੱਸਿਆ ਕਿ ਭੰਗੜੇ ਦੀ ਸਿਖਲਾਈ ਸਬੰਧੀ ਸਵੇਰ ਸ਼ਾਮ ਦੇ ਇਸ ਕੈਂਪ ਦੌਰਾਨ ਉਸਤਾਦ ਰਜਿੰਦਰ ਕੁਮਾਰ ਨੇ ਸਿੱਖਿਆਰਥੀਆਂ ਨੂੰ ਇਸ ਲੋਕ ਨਾਚ ਦੀ ਪੇਸ਼ਕਾਰੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਇੰਜੀਨੀਅਰ ਤਰਲੋਚਨ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਲਗਾਏ ਇਸ ਕੈਂਪ ਦੀ ਸ਼ਲਾਘਾ ਕੀਤੀ।

ਇਸ ਮੌਕੇ ਪ੍ਰਬੰਧਕਾਂ ਵੱਲੋਂ ਭੰਗੜੇ ਦੀ ਸਿਖਲਾਈ ਦੇ ਭਾਗੀਦਾਰਾਂ ਨੂੰ ਪ੍ਰਮਾਣ ਪੱਤਰ ਤਸਕੀਮ ਕੀਤੇ ਗਏ।

ਖ਼ਾਲਸਾ ਕਾਲਜ ਦੇ 14 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 1.19 ਲੱਖ ਰੁਪਏ ਦੀ ਵਜੀਫ਼ਾ ਰਾਸ਼ੀ ਤਕਸੀਮ

ਪੈਗ਼ਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੌਗਜ਼)

ਸ੍ਰੀਮਤੀ ਗੁਰਦਲਜੀਤ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੰਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਾਲਜ ਦੇ 14 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਸਾਬਕਾ ਵਿਧਾਇਕ ਤੇ ਮੌਜਦਾ ਸ੍ਰੀਮਤੀ ਕਮੇਟੀ ਠੰਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਅਤੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਵਲੋਂ 1 ਲੱਖ 19 ਹਜ਼ਾਰ ਦੀ ਵਜੀਫ਼ਾ ਰਾਸ਼ੀ ਵੰਡੀ ਗਈ।

ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਸ੍ਰੀਮਤੀ ਗੁਰਦਲਜੀਤ ਪ੍ਰਬੰਧਕ ਕਮੇਟੀ ਵਲੋਂ ਕਾਲਜ ਦੇ 14 ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 1 ਲੱਖ 19 ਹਜ਼ਾਰ ਦੀ ਵਜੀਫ਼ਾ ਰਾਸ਼ੀ ਜਾਰੀ ਕੀਤੀ ਗਈ ਹੈ, ਉਨ੍ਹਾਂ ਦੱਸਿਆ ਕਿ ਗ੍ਰੈਜੂਏਸ਼ਨ ਕਲਾਸਾਂ ਦੀਆਂ ਵਿਦਿਆਰਥਣਾਂ ਸਿਮਰਨ ਕੌਰ, ਮਨਪ੍ਰੀਤ ਕੌਰ, ਰਾਜਵਿੰਦਰ ਕੌਰ, ਗਗਨਦੀਪ ਕੌਰ, ਕਿਰਨਜੀਤ ਕੌਰ, ਅਰਸ਼ਦੀਪ ਕੌਰ ਅਤੇ ਰਜਨੀ ਕੌਰ, ਲੜਕਿਆਂ ਅਰਸ਼ਪ੍ਰੀਤ ਸਿੰਘ, ਸੁਖਵੀਰ ਸਿੰਘ, ਗੁਰਦੀਪ ਸਿੰਘ, ਵੰਸ਼ਦੀਪ ਸਿੰਘ, ਹਰਵੀਰ ਸਿੰਘ, ਗੁਰਪ੍ਰੀਤ ਸਿੰਘ, ਦਿਲਪ੍ਰੀਤ ਸਿੰਘ ਨੂੰ 8500-8500 ਰੁਪਏ ਦੀ ਵਜੀਫ਼ਾ ਵੰਡੀ ਗਈ ਹੈ, ਇਸ ਮੌਕੇ ਠੰਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਨੇ ਸ੍ਰੀਮਤੀ ਗੁਰਦਲਜੀਤ ਪ੍ਰਬੰਧਕ ਕਮੇਟੀ ਦੇ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸ੍ਰੀਮਤੀ ਕਮੇਟੀ ਵਲੋਂ ਧਰਮ ਦੇ ਪ੍ਰਚਾਰ ਦੇ ਨਾਲ ਨਾਲ ਵਿਦਿਆਕ ਖੇਤਰ ਵਿਚ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ।

ਉਨ੍ਹਾਂ ਵਜੀਫ਼ਾ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਪੜ੍ਹਾਈ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਵਿਦਿਆਰਥੀਆਂ ਨੂੰ ਇਸ ਰਾਸ਼ੀ ਨੂੰ ਸਾਰਥਕ ਰੂਪ ਨਾਲ ਵਰਤ ਕੇ ਅਗਾਂਹ ਤੋਂ ਪੜ੍ਹਾਈ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਹਰਜੀਤ ਸਿੰਘ ਭਾਤਪੁਰ, ਧਾਰਮਿਕ ਅਧਿਆਪਕ ਅੰਮ੍ਰਿਤਪਾਲ ਸਿੰਘ, ਸੁਪਰਡੈਂਟ ਪਰਮਿੰਦਰ ਸਿੰਘ, ਗੁਰਿੰਦਰਜੀਤ ਸਿੰਘ, ਲਖਵਿੰਦਰ ਸਿੰਘ ਤੇ ਹੋਰ ਹਾਜ਼ਰ ਹੋਏ।

ਪੰਜਾਬ ਸਰਕਾਰ ਦੀ ਰਾਖਵਾਂਕਰਨ ਵਿਰੋਧੀ ਨੀਤੀ ਦੇ ਵਿਰੋਧ 'ਚ ਬਸਪਾ ਨੇ ਕੀਤਾ ਰੋਸ ਪ੍ਰਦਰਸ਼ਨ, ਰਾਜਪਾਲ ਦੇ ਨਾਂ ਦਿੱਤਾ ਮੰਗ ਪੱਤਰ

ਦਲਿਤ ਤੇ ਪਛੜੇ ਵਰਗਾਂ ਦਾ ਰਾਖਵਾਂਕਰਨ ਵਿਰੋਧੀ ਨੀਤੀਆਂ ਨੂੰ ਬਸਪਾ ਬਰਦਾਸ਼ਤ ਨਹੀਂ ਕਰੇਗੀ : ਕਰੀਮਪੁਰੀ

ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ
(ਦਲਜੀਤ ਅਜਨੋਹਾ)

ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਰਾਖਵਾਂਕਰਨ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਅੱਜ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਅਤੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਇੱਕ ਮੰਗ ਪੱਤਰ ਵੀ ਭੇਜਿਆ।

ਬਹੁਜਨ ਸਮਾਜ ਪਾਰਟੀ ਨੇ ਸੂਬਾ ਸਰਕਾਰ ਦੀ ਸਿਖਿਆ ਭਰਤੀ ਡਾਇਰੈਕਟੋਰੇਟ ਵਲੋਂ ਵੱਖ ਵੱਖ ਵਿਸ਼ਿਆਂ ਦੇ ਲੈਕਚਰਾਰਾਂ ਦੀ ਭਰਤੀ ਵਿੱਚ ਸੰਵਿਧਾਨਕ ਪ੍ਰਬੰਧ, ਰਿਜ਼ਰਵੇਸ਼ਨ ਨੀਤੀ ਦੀ ਉਲੰਘਣਾ ਦੀ ਨਿੰਦਿਆ ਕੀਤੀ ।

ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਵਿੱਚ ਜਦੋਂ ਦੀ 'ਆਪ' ਸਰਕਾਰ ਬਣੀ ਹੈ ਇਸ ਵਲੋਂ ਹਰ ਵਿਸ਼ੇ ਤੇ ਦਲਿਤ ਅਤੇ ਪਛੜੇ ਵਰਗਾਂ ਨਾਲ ਜਿਆਦਤੀਆਂ ਕੀਤੀਆਂ ਜਾ ਰਹੀਆਂ ਹਨ। ਜਿਸ ਦਾ ਖਮਿਆਜ਼ਾ ਇਨਾਂ ਵਰਗਾਂ ਨੂੰ ਵੱਡਾ ਨੁਕਸਾਨ ਉਠਾ ਕੇ ਝੱਲਣਾ ਪੈ ਰਿਹਾ ਹੈ। ਜਿਸ ਵਿੱਚ ਨੀਤੀਗਤ ਫੈਸਲੇ, ਪ੍ਰਸ਼ਾਸ਼ਨਿਕ ਜਿਆਦਤੀਆਂ, ਸੰਵਿਧਾਨਕ ਹੱਕਾਂ ਨੂੰ ਅੱਖਿ ਪਰੋਖ ਕਰਨਾ ਅਤੇ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਖਤਮ ਕਰਕੇ ਸੰਵਿਧਾਨਕ ਹੱਕਾਂ ਤੇ ਡਾਕੇ ਮਾਰਨਾ ਸ਼ਾਮਿਲ ਹੈ। ਡਾ. ਕਰੀਮਪੁਰੀ ਨੇ ਵੱਡਾ ਖੁਲਾਸਾ ਕਰਦਿਆਂ ਦੱਸਿਆ ਕਿ 'ਆਪ' ਸਰਕਾਰ ਵੱਲੋਂ ਬੀਤੀ 25 ਜੂਨ 2026 ਨੂੰ ਪੰਜਾਬੀ, ਕੈਮਿਸਟਰੀ, ਇਕਨੌਮਿਕਸ, ਕਾਮਰਸ, ਫਿਜ਼ਿਕਸ, ਜ਼ੂਲੋਜ਼ ਅਤੇ ਹੋਰ ਵਿਸ਼ਿਆਂ ਲਈ ਲੈਕਚਰਾਰਾਂ ਦੀਆਂ ਕੱਢੀਆਂ ਗਈਆਂ ਕਰੀਬ 1000 ਅਸਾਮੀਆਂ ਵਿੱਚ ਦਲਿਤ (ਐੱਸ.ਸੀ. ਵਰਗ) ਅਤੇ ਪਛੜੇ ਵਰਗਾਂ ਲਈ ਰਾਖਵਾਂਕਰਨ ਬਿਲਕੁਲ ਖ਼ਤਮ ਕਰ ਦਿੱਤਾ ਗਿਆ ਹੈ, ਜੋ ਕਿ ਸਿੱਧੇ ਤੌਰ 'ਤੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਮੌਜੂਦਾ ਸਰਕਾਰ ਦਲਿਤਾਂ ਅਤੇ ਪਛੜੇ ਵਰਗਾਂ ਦੇ ਸੰਵਿਧਾਨਕ ਹੱਕਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ, ਪਰ ਬਸਪਾ ਅਜਿਹਾ ਹਰਗਿਜ਼ ਨਹੀਂ ਹੋਣ ਦੇਵੇਗੀ।

ਉਨ੍ਹਾਂ ਅੱਗੇ ਕਿਹਾ ਕਿ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ, ਇਸ ਤੋਂ ਪਹਿਲਾਂ ਵੀ ਐਡਵੋਕੇਟ ਜਨਰਲ ਦੀਆਂ ਭਰਤੀਆਂ ਵਿੱਚ 'ਆਪ' ਸਰਕਾਰ ਵੱਲੋਂ ਦਲਿਤਾਂ ਲਈ ਕੋਈ ਰਾਖਵਾਂਕਰਨ ਨਹੀਂ ਰੱਖਿਆ ਗਿਆ ਸੀ, ਜਿਸ ਨੂੰ ਬਸਪਾ ਅਤੇ ਹੋਰ ਜਥੇਬੰਦੀਆਂ ਦੇ ਭਾਰੀ ਵਿਰੋਧ ਤੋਂ ਬਾਅਦ ਸਰਕਾਰ ਨੂੰ ਦੇਣਾ ਪਿਆ ਸੀ। ਇਸੇ ਤਰ੍ਹਾਂ ਵੈਟਰਨਰੀ ਅਫ਼ਸਰਾਂ ਦੀ ਭਰਤੀ ਵਿੱਚ ਵੀ ਰਾਖਵਾਂਕਰਨ ਗਾਇਬ ਕੀਤਾ ਗਿਆ ਸੀ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਸਰਕਾਰੀ ਵਿਕਾਸ ਅਦਾਰਿਆਂ ਵਿੱਚ ਰੋਸਟ ਫੈਕਲਟੀ ਅਤੇ ਕੰਟਰੋਕਟ ਟੀਚਿੰਗ ਪੋਸਟਾਂ ਵਿੱਚ ਵੀ ਕੋਈ ਰਾਖਵਾਂਕਰਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਇਨ੍ਹਾਂ ਵਰਗਾਂ ਦੇ ਯੋਗ ਉਮੀਦਵਾਰ ਪਹਿਲਾਂ ਹੀ ਵਿਦਿਆਕ ਅਦਾਰਿਆਂ ਤੋਂ ਬਾਹਰ ਕੀਤੇ ਜਾ ਰਹੇ ਹਨ।

ਡਾ. ਕਰੀਮਪੁਰੀ ਨੇ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਰਾਹੀਂ ਅਪੀਲ ਕੀਤੀ ਕਿ ਮੌਜੂਦਾ ਵਿਗਿਆਪਨਾਂ ਨੂੰ ਤੁਰੰਤ ਪੁਰਾਣੇ ਨਾਲ ਹੱਕ ਕਰਾਇਆ ਜਾਵੇ ਜਾਂ ਇਨਾਂ ਤੇ ਰੋਕ ਲਗਾਈ ਜਾਵੇ, ਪੰਜਾਬ ਅੰ

ਪੰਜਾਬ ਦੀਆਂ ਮਾਤਾਵਾਂ-ਭੈਣਾਂ ਨਾਲ ਕੀਤਾ ਧੋਖਾ ਕਦੇ ਨਹੀਂ ਭੁੱਲੇਗੀ ਜਨਤਾ: ਸੁਖਵਿੰਦਰ ਸਿੰਘ ਗੋਲਡੀ

ਪੈਗਾਮ-ਏ-ਜਗਤ
ਖਰੜ, (ਦਵਿੰਦਰ ਕੌਰ)

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਖ਼ਜ਼ਾਨਚੀ ਸੁਖਵਿੰਦਰ ਸਿੰਘ ਗੋਲਡੀ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਸੱਤਾ ਹਾਸਲ ਕਰਨ ਲਈ ਪੰਜਾਬ ਦੀਆਂ ਮਾਤਾਵਾਂ ਅਤੇ ਭੈਣਾਂ ਨਾਲ ਹਰ ਮਹੀਨੇ ?1000 ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਸਰਕਾਰ ਬਣਨ ਤੋਂ ਸਾਢੇ ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਇਹ ਵਾਅਦਾ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ। ਇਹ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਗਿਆ ਸਭ ਤੋਂ ਵੱਡਾ ਚੋਣੀ ਧੋਖਾ ਹੈ।

ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਚੋਣਾਂ ਵੇਲੇ ਵੱਡੇ-ਵੱਡੇ ਦਾਅਵੇ ਕਰਨ ਵਾਲੀ ਆਮ ਆਦਮੀ ਪਾਰਟੀ ਹੁਣ ਆਪਣੇ ਹੀ ਵਾਅਦਿਆਂ ਤੋਂ ਮੁੱਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜੇਕਰ ਹਰ ਯੋਗ ਮਹਿਲਾ ਨੂੰ ?1000 ਪ੍ਰਤੀ ਮਹੀਨਾ ਦਿੱਤੇ ਜਾਣਾ, ਤਾਂ ਸਰਕਾਰ ਨੂੰ ਹਰ ਸਾਲ ਲਗਭਗ ?21,472 ਕਰੋੜ ਦੀ ਲੋੜ ਪਵੇਗੀ। ਅੱਜ ਇਹ ਸਪੱਸ਼ਟ ਹੋ ਗਿਆ ਹੈ ਕਿ ਨਾ ਤਾਂ ਸਰਕਾਰ ਕੋਲ ਇਸ ਯੋਜਨਾ ਲਈ ਵਿੱਤੀ ਪ੍ਰਬੰਧ ਹੈ ਅਤੇ ਨਾ ਹੀ ਆਪਣਾ ਵਾਅਦਾ ਨਿਭਾਉਣ ਦੀ ਇੱਛਾ।

ਉਨ੍ਹਾਂ ਦੋਸ਼ ਲਗਾਇਆ ਕਿ ਹੁਣ ਸਰਕਾਰ ਆਪਣੇ ਵਾਅਦੇ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਲੀਪਾ-ਪੋਤੀ ਦੀ ਰਾਜਨੀਤੀ ਕਰ ਰਹੀ ਹੈ। ਚੋਣਾਂ ਵੇਲੇ ਹਰ ਮਹਿਲਾ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਬਜਾਏ ਹੁਣ ਸੀਮਤ ਪੱਧਰ ਤੇ ਲਾਭ ਦੇ ਕੇ ਆਪਣੀ ਨਾਕਾਮੀ ਛੁਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇਕਰ ਕਿਸੇ ਵੀ ਯੋਜਨਾ ਦਾ ਲਾਭ ਪੰਚਪਾਣ ਦੇ ਆਧਾਰ ਤੇ ਦਿੱਤਾ ਜਾਂਦਾ ਹੈ, ਤਾਂ ਇਹ ਪੰਜਾਬ ਦੀਆਂ ਲੱਖਾਂ ਮਾਤਾਵਾਂ ਅਤੇ ਭੈਣਾਂ ਦੇ ਵਿਸ਼ਵਾਸ ਨਾਲ ਖਿਲਵਾੜ ਹੈ।

ਭਾਜਪਾ ਆਗੂ ਨੇ ਕਿਹਾ ਕਿ ਪੰਜਾਬ ਦੀਆਂ ਮਾਤਾਵਾਂ ਅਤੇ ਭੈਣਾਂ ਨੇ ਆਮ ਆਦਮੀ ਪਾਰਟੀ ਤੇ ਭਰੋਸਾ ਕਰਕੇ ਆਪਣਾ ਕੀਮਤੀ ਵੋਟ ਦਿੱਤਾ ਸੀ, ਪਰ ਬਦਲੇ ਵਿੱਚ ਉਨ੍ਹਾਂ ਨੂੰ ਸਿਰਫ਼ ਝੂਠੇ ਵਾਅਦੇ ਅਤੇ ਨਿਰਾਸ਼ਾ ਮਿਲੀ। ਪੰਜਾਬ ਦੀਆਂ ਮਹਿਲਾਵਾਂ ਨੂੰ ਕਦੇ ਨਹੀਂ ਭੁੱਲਣਗੀਆਂ ਅਤੇ ਆਉਣ ਵਾਲੇ ਸਮੇਂ ਵਿੱਚ ਲੋਕਤੰਤਰੀ ਢੰਗ ਨਾਲ ਇਸ ਦਾ ਕਰਾਰਾ ਜਵਾਬ ਦੇਣਗੀਆਂ। ਸੁਖਵਿੰਦਰ ਸਿੰਘ ਗੋਲਡੀ ਨੇ ਪੰਜਾਬ ਸਰਕਾਰ ਨੂੰ ਆਪਣੇ ਵਾਅਦਿਆਂ ਪ੍ਰਤੀ ਗੰਭੀਰ ਹੋ ਤਾਂ ਬਿਨਾਂ ਕਿਸੇ ਭੇਦਭਾਵ ਦੇ ਹਰ ਮਹਿਲਾ ਨੂੰ 1000 ਪ੍ਰਤੀ ਮਹੀਨਾ ਦੇਣ ਦਾ ਵਾਅਦਾ ਤੁਰੰਤ ਲਾਗੂ ਕਰੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਵਾਅਦੇ ਨਹੀਂ, ਸਗੋਂ ਉਨ੍ਹਾਂ ਦੀ ਪੂਰਤੀ ਚਾਹੁੰਦੀ ਹੈ।

ਹਾਂਸੀ ਵਿਧਾਨ ਸਭਾ ਹਲਕੇ ਦੇ ਸਾਰੇ 205 ਪੋਲਿੰਗ ਸਟੇਸ਼ਨਾਂ 'ਤੇ 5 ਜੁਲਾਈ ਨੂੰ ਹੋਵੇਗੀ ਬੀ.ਐਲ.ਓ.-ਬੀ.ਐਲ.ਏ ਮੀਟਿੰਗ: ਐਸ.ਡੀ.ਐਮ ਰਜਨੇਸ਼ ਖੋਚ

ਪੈਗਾਮ-ਏ-ਜਗਤ
ਹਾਂਸੀ (ਜਿਨਕਰ ਗਾਬਡੀ)

ਹਾਂਸੀ ਵਿਧਾਨ ਸਭਾ ਹਲਕੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧਿਨ ਮੁਹਿਮ (ਐਸਆਈਆਰ) ਨੂੰ ਹੁਲਾਰਾ ਦੇਣ ਲਈ 5 ਜੁਲਾਈ (ਐਤਵਾਰ) ਨੂੰ ਇਲਾਕੇ ਦੇ ਸਾਰੇ 205 ਪੋਲਿੰਗ ਸਟੇਸ਼ਨਾਂ 'ਤੇ ਬੂਥ ਲੈਵਲ ਅਫ਼ਸਰਾਂ (ਬੀਐਲਓ) ਅਤੇ ਬੂਥ ਲੈਵਲ ਏਜੈਂਟਾਂ (ਬੀਐਲਏ) ਦੀ ਮੀਟਿੰਗ ਕੀਤੀ ਜਾਵੇਗੀ। ਇਹ ਮੀਟਿੰਗ ਸਵੇਰੇ 11 ਵਜੇ ਤੋਂ ਦੁਪਹਿਰ 12 ਵਜੇ ਤੱਕ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਡੀ.ਐਮ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਮੁਹਿਮ ਚਲਾਈ ਜਾ ਰਹੀ ਹੈ, ਜਿਸ ਤਹਿਤ ਹਰੇਕ ਯੋਗ ਵੋਟਰ ਦੇ ਵੋਰਵਿਆਂ ਦੀ ਪੜਤਾਲ ਕਰਕੇ ਸੂਚੀ ਨੂੰ ਹੋਰ ਸਟੀਕ ਅਤੇ ਅੱਪਡੇਟ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕਾਰਜ ਵਿੱਚ ਬੀ.ਐਲ.ਓ ਅਤੇ ਬੀ.ਐਲ.ਏ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਐਸਡੀਐਮ ਨੇ ਦੱਸਿਆ ਕਿ 5 ਜੁਲਾਈ ਨੂੰ ਹੋਣ ਵਾਲੀ ਇਸ ਮੀਟਿੰਗ ਵਿੱਚ ਪੋਲਿੰਗ ਸਟੇਸ਼ਨ ਪੱਧਰ ਤੇ ਵੋਟਰ ਸੂਚੀ ਨਾਲ ਸਬੰਧਤ ਦਾਅਵਿਆਂ, ਇਤਰਾਜ਼ਾਂ, ਨਵੇਂ ਨਾਵਾਂ ਨੂੰ ਜੋੜਨ, ਮਰ ਚੁੱਕੇ ਜਾਂ ਤਬਦੀਲ ਹੋ ਚੁੱਕੇ ਵੋਟਰਾਂ ਦੇ ਨਾਂ ਮਿਟਾਉਣ ਅਤੇ ਹੋਰ ਲੋੜੀਂਦੇ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਦੇ ਨਾਲ ਹੀ ਬੀ.ਐਲ.ਓ ਅਤੇ ਬੀ.ਐਲ.ਏ ਆਪਸੀ ਤਾਲਮੇਲ ਸਥਾਪਿਤ ਕਰਕੇ ਸਮੀਖਿਆ ਦੇ ਕੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਗੇ। ਉਨ੍ਹਾਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਬੂਥ ਲੈਵਲ ਏਜੈਂਟਾਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪੋ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਹੋਣ ਕੇ ਇਸ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਤਾਂ ਜੋ ਵੋਟਰ ਸੂਚੀ ਨੂੰ ਤਰੁੱਟੀ ਰਹਿਤ ਅਤੇ ਪਾਰਦਰਸ਼ੀ ਬਣਾਇਆ ਜਾ ਸਕੇ।

ਕੇਸ਼ਵ ਦਿਆਲ
ਮੰਮੀ, ਮਦਨ ਦੇਵਾ, ਪਿਤਾ ਬ੍ਰਜੇਂਦਰ (ਨੰਗਲ) ਨੂੰ ਪੈਗਾਮ ਏ ਜਗਤ ਦੇ ਸਮੂਹ ਪਰਿਵਾਰ ਵਲੋਂ ਜਨਮਦਿਨ ਦੀਆਂ ਬਹੁਤ-ਬਹੁਤ ਮੁਬਾਰਕਾਂ

ਐਂਟੀ-ਨਾਰਕੋਟਿਕਸ ਸੈੱਲ ਵੱਲੋਂ ਵੱਡੀ ਕਾਰਵਾਈ

ਦੋਸ਼ੀ 404 ਗ੍ਰਾਮ ਅਫੀਮ ਸਮੇਤ ਗ੍ਰਿਫ਼ਤਾਰ; ਤਿੰਨ ਦਿਨਾਂ ਲਈ ਪੁਲਿਸ ਰਿਮਾਂਡ 'ਤੇ ਭੇਜਿਆ ਗਿਆ

ਪੈਗਾਮ-ਏ-ਜਗਤ/ਕਰਨਾਲ
3 ਜੁਲਾਈ (ਪ੍ਰਵੀਨ ਵਾਲੀਆ)

ਨਸ਼ਾ ਤਸਕਰਾਂ ਵਿਰੁੱਧ ਕਰਨਾਲ ਜ਼ਿਲ੍ਹਾ ਪੁਲਿਸ ਦੀ ਵਿਸ਼ੇਸ਼ ਮੁਹਿੰਮ ਦੌਰਾਨ ਇੱਕ ਮਹੱਤਵਪੂਰਨ ਸਫਲਤਾ ਵਿੱਚ, ਐਂਟੀ-ਨਾਰਕੋਟਿਕਸ ਸੈੱਲ ਨੇ ਇੱਕ ਦੋਸ਼ੀ ਨੂੰ 404 ਗ੍ਰਾਮ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਹੈ। ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਨਿਸਿੰਗ ਪੁਲਿਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ।

ਐਂਟੀ-ਨਾਰਕੋਟਿਕਸ ਸੈੱਲ ਦੇ ਇਚਾਰਜ ਸਬ-ਇੰਸਪੈਕਟਰ ਹਿੰਮਤ ਸਿੰਘ ਦੀ ਅਗਵਾਈ ਵਿੱਚ ਇੱਕ ਪੁਲਿਸ ਟੀਮ ਅਪਰਾਧ ਨੂੰ ਰੋਕਣ ਲਈ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ। ਇੱਕ ਸੂਹ ਅਤੇ ਸ਼ੱਕ ਦੇ ਆਧਾਰ 'ਤੇ ਕਾਰਵਾਈ ਕਰਦਿਆਂ, ਟੀਮ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ। ਵਿਅਕਤੀ ਦੀ ਤਲਾਸ਼ੀ ਲੈਣ 'ਤੇ 404 ਗ੍ਰਾਮ ਅਫੀਮ ਬਰਾਮਦ ਹੋਈ।

ਗ੍ਰਿਫ਼ਤਾਰ ਦੋਸ਼ੀ ਦੀ ਪਛਾਣ ਪ੍ਰਭਜੀਤ ਸਿੰਘ (ਉਰਫ਼ ਪ੍ਰਭ), ਪੁੱਤਰ ਸਰਦਾ ਸਿੰਘ ਵਜੋਂ ਹੋਈ ਹੈ; ਉਹ ਨਿਮਨਾਬਾਦ ਪਿੰਡ (ਜੀਂਦ ਜ਼ਿਲ੍ਹੇ ਦੇ ਸਦਰ ਸਫੀਦੋਂ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਅਧੀਨ) ਦਾ ਰਹਿਣ ਵਾਲਾ ਹੈ ਅਤੇ ਵਰਤਮਾਨ ਵਿੱਚ ਕਰਨਾਲ ਜ਼ਿਲ੍ਹੇ ਦੇ ਬੂਟਾ ਕਲੋਨੀ, ਨਿਸਿੰਗ ਵਿੱਚ ਰਹਿੰਦਾ ਹੈ।

ਮੁੱਢਲੀ ਪੁੱਛਗਿੱਛ ਦੌਰਾਨ, ਦੋਸ਼ੀ ਨੇ ਖੁਲਾਸਾ ਕੀਤਾ ਕਿ ਉਹ ਜਲਦੀ ਅਮੀਰ ਬਣਨ ਅਤੇ ਆਪਣੇ ਨਿੱਜੀ ਭੋਗ-ਵਿਲਾਸ ਨੂੰ ਪੂਰਾ ਕਰਨ ਲਈ ਅਫੀਮ ਵੇਚਣ ਦੇ ਗੈਰ-ਕਾਨੂੰਨੀ ਵਪਾਰ ਵਿੱਚ ਰੁੱਝਿਆ ਹੋਇਆ ਸੀ। ਪੁਲਿਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ, ਜਿਸਨੇ ਉਸਨੂੰ ਤਿੰਨ ਦਿਨਾਂ ਲਈ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ। ਰਿਮਾਂਡ ਦੀ ਮਿਆਦ ਦੌਰਾਨ, ਦੋਸ਼ੀ ਤੋਂ ਡਰੱਗ ਤਸਕਰੀ ਨੈੱਟਵਰਕ, ਅਫੀਮ ਦੀ ਖਰੀਦ ਅਤੇ ਵਿਕਰੀ ਦੇ ਸਰੋਤਾਂ ਅਤੇ ਇਸ ਗੈਰ-ਕਾਨੂੰਨੀ ਵਪਾਰ ਵਿੱਚ ਸ਼ਾਮਲ ਹੋਰ ਵਿਅਕਤੀਆਂ ਬਾਰੇ ਜਾਣਕਾਰੀ ਇਕੱਠੀ ਕਰਨ ਲਈ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

ਕਰਨਾਲ ਜ਼ਿਲ੍ਹਾ ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਵਿਰੁੱਧ ਮੁਹਿੰਮ ਬੇਰੋਕ ਜਾਰੀ ਰਹੇਗੀ, ਅਤੇ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਮਾਮਲੇ ਦੀ ਹੋਰ ਜਾਂਚ ਜਾਰੀ ਹੈ।

ਇਗਨੂ ਨੇ ਐਮ.ਐੱਸਸੀ. (ਜਲਵਾਯੂ ਪਰਿਵਰਤਨ) ਪ੍ਰੋਗਰਾਮ ਸ਼ੁਰੂ ਕੀਤਾ, ਦੇਸ਼ ਦੀ ਪਹਿਲੀ ਓਪਨ ਯੂਨੀਵਰਸਿਟੀ ਬਣੀ

ਊਨਾ, 3 ਜੁਲਾਈ
(ਪੈਗਾਮ-ਏ-ਜਗਤ)

ਇਗਨੂ ਸੈਂਟਰ ਊਨਾ ਦੇ ਸਟਡੀ ਸੈਂਟਰ 1109 ਦੇ ਕੋਆਰਡੀਨੇਟਰ ਡਾ. ਸੁਰੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਗਨੂ ਨੇ ਦੇਸ਼ ਦੀ ਪਹਿਲੀ ਓਪਨ ਯੂਨੀਵਰਸਿਟੀ ਵਜੋਂ ਐਮ.ਐੱਸਸੀ. (ਜਲਵਾਯੂ ਪਰਿਵਰਤਨ) ਦਾ ਪੋਸਟ ਗ੍ਰੈਜੂਏਟ ਪ੍ਰੋਗਰਾਮ ਸ਼ੁਰੂ ਕੀਤਾ ਹੈ। ਇਸ ਦੇ ਸਾਲਾ ਬਹੁ-ਵਿਸ਼ਿਆਂ ਵਾਲੇ ਕੋਰਸ ਵਿੱਚ ਇਸੇ ਵੀ ਵਿਸ਼ੇ ਵਿੱਚ ਗ੍ਰੈਜੂਏਸ਼ਨ ਪਾਸ ਵਿਦਿਆਰਥੀ ਦਾਖਲਾ ਲੈ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਕੋਰਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਜਲਵਾਯੂ ਪਰਿਵਰਤਨ ਨਾਲ ਸੰਬੰਧਿਤ ਵਿਗਿਆਨਕ, ਸਮਾਜਿਕ ਅਤੇ ਨੀਤੀਗਤ ਪੱਖਾਂ ਬਾਰੇ ਸਮੂਹੀ ਜਾਣਕਾਰੀ ਪ੍ਰਦਾਨ ਕਰਨਾ ਹੈ। ਇਸ ਪਾਠਕ੍ਰਮ ਵਿੱਚ ਜਲਵਾਯੂ ਵਿਗਿਆਨ, ਜਲਵਾਯੂ ਜੋਖਮ, ਅਨੁਕੂਲਨ ਅਤੇ ਸ਼ਮਨ ਰਣਨੀਤੀਆਂ, ਵਾਤਾਵਰਣੀ ਸ਼ਾਸਨ ਅਤੇ ਟਿਕਾਊ ਵਿਕਾਸ ਵਰਗੇ ਮਹੱਤਵਪੂਰਨ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਜਲ ਸਰੋਤ ਪ੍ਰਬੰਧਨ, ਊਰਜਾ, ਖੇਤੀਬਾੜੀ, ਆਫ਼ਤ ਜੋਖਮ ਘਟਾਉਣ, ਜੈਵ ਵਿਭਿੰਨਤਾ ਸੰਭਾਲ, ਕਚਰਾ ਪ੍ਰਬੰਧਨ, ਸਰਕੁਲਰ ਅਰਥਵਿਵਸਥਾ, ਵਾਤਾਵਰਣ ਕਾਨੂੰਨ ਅਤੇ ਜਲਵਾਯੂ ਮੁਲਾਂਕਣ ਵਰਗੇ ਵਿਸ਼ਿਆਂ ਦਾ ਵੀ ਅਧਿਐਨ ਕਰਵਾਇਆ ਜਾਵੇਗਾ। ਇਸ ਪ੍ਰੋਗਰਾਮ ਦਾ ਉਦੇਸ਼ ਅਜਿਹੇ ਯੋਗ ਅਤੇ ਕੁਸ਼ਲ ਪੇਸ਼ਵਰ ਤਿਆਰ ਕਰਨਾ ਹੈ, ਜੋ ਜਲਵਾਯੂ ਪਰਿਵਰਤਨ ਨਾਲ ਪੈਦਾ ਹੋ ਰਹੀਆਂ ਚੁਣੌਤੀਆਂ ਦਾ ਵਿਗਿਆਨਕ ਢੰਗ ਨਾਲ ਵਿਸ਼ਲੇਸ਼ਣ ਕਰਕੇ ਉਨ੍ਹਾਂ ਦੇ ਟਿਕਾਊ ਅਤੇ ਪ੍ਰਭਾਵਸ਼ਾਲੀ ਹੱਲ ਵਿਕਸਤ ਕਰ ਸਕਣ। ਡਾ. ਸੁਰੇਸ਼ ਕੁਮਾਰ ਨੇ ਇਹ ਵੀ ਦੱਸਿਆ ਕਿ ਜੁਲਾਈ 2026 ਸੈਸ਼ਨ ਲਈ ਮੁਫ਼ਤ ਰਜਿਸਟ੍ਰੇਸ਼ਨ (ਰੀ-ਰਜਿਸਟ੍ਰੇਸ਼ਨ) ਦੀ ਆਖਰੀ ਤਾਰੀਖ ਵਧਾ ਕੇ 15 ਜੁਲਾਈ 2026 ਕਰ ਦਿੱਤੀ ਗਈ ਹੈ। ਪਹਿਲਾਂ ਤੋਂ ਦਾਖਲ ਵਿਦਿਆਰਥੀ ਨਿਰਧਾਰਤ ਮਿਤੀ ਤੱਕ ਆਨਲਾਈਨ ਮਾਧਿਅਮ ਰਾਹੀਂ ਆਪਣੀ ਮੁਫ਼ਤ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਅੰਨਲਾਈਨ ਧੋਖਾਧੜੀ ਤੋਂ ਸਾਵਧਾਨ ਰਹੋ; ਅਣਜਾਣ ਲਿੰਕਾਂ, ਜਾਅਲੀ ਗਾਹਕ ਦੇਖਭਾਲ ਅਤੇ ਮੋਬਾਈਲ ਐਪਸ ਤੋਂ ਸੁਚੇਤ ਰਹੋ: ਐਸਪੀ ਵਿਨੋਦ ਕੁਮਾਰ

ਪੈਗਾਮ-ਏ-ਜਗਤ
ਹਾਂਸੀ (ਜਿਨਕਰ ਗਾਬਡੀ)

ਹਾਂਸੀ ਦੇ ਪੁਲਿਸ ਸੁਪਰਡੈਂਟ (ਐਸਪੀ) ਵਿਨੋਦ ਕੁਮਾਰ ਨੇ ਇੱਕ ਵਿਸਤ੍ਰਿਤ ਸਾਈਬਰ ਐਡਵਾਈਜ਼ਰੀ ਜਾਰੀ ਕੀਤੀ ਹੈ, ਜਿਸ ਵਿੱਚ ਜ਼ਿਲ੍ਹਾ ਨਿਵਾਸੀਆਂ ਨੂੰ ਸਾਈਬਰ ਅਪਰਾਧਾਂ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਈਬਰ ਅਪਰਾਧੀ ਲੋਕਾਂ ਨਾਲ ਧੋਖਾਧੜੀ ਕਰਨ ਲਈ ਲਗਾਤਾਰ ਨਵੇਂ ਤਰੀਕੇ ਅਪਣਾ ਰਹੇ ਹਨ। ਉਹ ਅਕਸਰ ਬੈਂਕ ਅਧਿਕਾਰੀਆਂ, ਗਾਹਕ ਦੇਖਭਾਲ ਪ੍ਰਤੀਨਿਧੀਆਂ, ਬਿਜਲੀ ਵਿਭਾਗ ਦੇ ਕਰਮਚਾਰੀਆਂ, ਬੀਮਾ ਏਜੰਟਾਂ, ਜਾਂ ਗੈਸ ਏਜੰਸੀਆਂ, ਫਾਸਟੈਗ ਸੇਵਾਵਾਂ, ਈ-ਕਾਮਰਸ ਕੰਪਨੀਆਂ, ਜਾਂ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਵਜੋਂ ਪੇਸ਼ ਹੋ ਕੇ ਵਿਅਕਤੀਆਂ ਨਾਲ ਸੰਪਰਕ ਕਰਦੇ ਹਨ। ਵਿਕਲਪਕ ਤੌਰ 'ਤੇ, ਉਹ ਅਨਲਾਈਨ ਸੇਵਾਵਾਂ, ਕੇਵਾਈਸੀ ਅਪਡੇਟਸ, ਰਿਫੰਡ, ਇਨਾਮ ਜਿੱਤਣ, ਜਾਂ ਸ਼ਿਕਾਇਤਾਂ ਦੇ ਹੱਲ ਦਾ ਵਾਅਦਾ ਕਰਕੇ ਪੀੜਤਾਂ ਨੂੰ ਆਪਣੇ ਜਾਲ ਵਿੱਚ ਫਸਾਉਂਦੇ ਹਨ। ਉਨ੍ਹਾਂ ਦੱਸਿਆ ਕਿ ਸਾਈਬਰ ਧੋਖਾਧੜੀ ਕਰਨ ਵਾਲੇ ਅਕਸਰ ਵਟਸਐਪ, ਐਸਐਮਐਸ, ਈਮੇਲ ਜਾਂ ਸੋਸ਼ਲ ਮੀਡੀਆ ਰਾਹੀਂ ਜਾਅਲੀ ਲਿੰਕ ਭੇਜਦੇ ਹਨ, ਜਾਂ ਉਪਭੋਗਤਾਵਾਂ ਨੂੰ ਖਾਸ ਮੋਬਾਈਲ ਐਪਸ ਡਾਊਨਲੋਡ ਕਰਨ ਲਈ ਕਹਿੰਦੇ ਹਨ। ਇੱਕ ਵਾਰ ਜਦੋਂ ਕੋਈ ਵਿਅਕਤੀ ਲਿੰਕ 'ਤੇ ਕਲਿੱਕ ਕਰਦਾ ਹੈ ਜਾਂ ਐਪ ਸਥਾਪਤ ਕਰਦਾ ਹੈ, ਤਾਂ ਧੋਖਾਧੜੀ ਕਰਨ ਵਾਲੇ ਮਹੱਤਵਪੂਰਨ ਮੋਬਾਈਲ ਅਤੇ ਬੈਂਕਿੰਗ ਜਾਣਕਾਰੀ ਤੱਕ ਪਹੁੰਚ ਪ੍ਰਾਪਤ ਕਰ ਲੈਂਦੇ ਹਨ। ਫਿਰ ਉਹ ਪੀੜਤ ਦੇ ਬੈਂਕ ਖਾਤੇ ਤੋਂ ਅਣਅਧਿਕਾਰਤ ਲੇਣ-ਦੇਣ ਕਰਦੇ ਹਨ, ਜਿਸ ਨਾਲ ਵਿੱਤੀ ਨੁਕਸਾਨ ਹੁੰਦਾ ਹੈ। ਐਸਪੀ ਵਿਨੋਦ ਕੁਮਾਰ ਨੇ ਦੱਸਿਆ ਕਿ ਲੋਕ ਅਕਸਰ ਇੰਟਰਨੈੱਟ 'ਤੇ ਮਿਲਣ ਵਾਲੇ ਜਾਅਲੀ ਗਾਹਕ ਦੇਖਭਾਲ ਨੰਬਰਾਂ 'ਤੇ ਕਾਲ ਕਰਦੇ ਹਨ। ਸਾਈਬਰ ਅਪਰਾਧੀ, ਕੰਪਨੀ ਦੇ ਕਰਮਚਾਰੀ ਬਣ ਕੇ, ਪੀੜਤਾਂ ਨੂੰ ਸਕ੍ਰੀਨ-ਸ਼ੇਅਰਿੰਗ ਐਪਸ ਡਾਊਨਲੋਡ ਕਰਨ ਜਾਂ ਉਨ੍ਹਾਂ ਦੇ ਖਾਤਿਆਂ ਤੋਂ ਪੈਸੇ ਕਢਵਾਉਣ ਲਈ ਬੈਂਕਿੰਗ ਵੇਰਵੇ ਪ੍ਰਾਪਤ ਕਰਨ ਲਈ ਧੋਖਾ ਦਿੰਦੇ ਹਨ। ਇਸ ਲਈ, ਕਿਸੇ ਵੀ ਕੰਪਨੀ, ਬੈਂਕ ਜਾਂ ਸੰਸਥਾ ਲਈ ਗਾਹਕ ਦੇਖਭਾਲ ਨੰਬਰ ਸਿਰਫ਼ ਉਨ੍ਹਾਂ ਦੀਆਂ ਅਧਿਕਾਰਤ ਵੈੱਬਸਾਈਟਾਂ ਜਾਂ ਅਧਿਕਾਰਤ ਮੋਬਾਈਲ ਐਪਲੀਕੇਸ਼ਨਾਂ ਤੋਂ ਪ੍ਰਾਪਤ ਕਰਨੇ ਚਾਹੀਦੇ ਹਨ। ਉਨ੍ਹਾਂ ਸਲਾਹ ਦਿੱਤੀ ਕਿ ਜੇਕਰ ਕਿਸੇ ਨੂੰ ਫ਼ੋਨ, ਸੁਨੇਹੇ, ਈਮੇਲ ਜਾਂ ਸੋਸ਼ਲ ਮੀਡੀਆ ਰਾਹੀਂ ਸ

'ਰੰਗਲਾ ਪੰਜਾਬ-ਸਿਹਤਮੰਦ ਪੰਜਾਬ' ਦੇ ਸੰਕਲਪ ਨੂੰ ਸਾਕਾਰ ਕਰ ਰਹੀ 'ਸੀ.ਐਮ. ਦੀ ਯੋਗਸ਼ਾਲਾ' ਨਵਾਂਸ਼ਹਿਰ ਵਿੱਚ ਯੋਗ ਨਾਲ ਬਦਲ ਰਹੀ ਲੋਕਾਂ ਦੀ ਜ਼ਿੰਦਗੀ

ਪੈਗਾਮ-ਏ-ਜਗਤ/ਨਵਾਂਸ਼ਹਿਰ
(ਸਤਨਾਮ ਸਿੰਘ ਸਹੁੰਗੜਾ)

ਪੰਜਾਬ ਸਰਕਾਰ ਦੇ 'ਰੰਗਲਾ ਪੰਜਾਬ-ਸਿਹਤਮੰਦ ਪੰਜਾਬ' ਮਿਸ਼ਨ ਤਹਿਤ ਚਲਾਈ ਜਾ ਰਹੀ 'ਸੀ.ਐਮ. ਦੀ ਯੋਗਸ਼ਾਲਾ' ਯੋਜਨਾ ਨਵਾਂਸ਼ਹਿਰ ਜ਼ਿਲ੍ਹੇ ਵਿੱਚ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਲੈ ਕੇ ਜਾ ਰਹੀ ਹੈ। ਜ਼ਿਲ੍ਹੇ ਵਿੱਚ ਰੋਜ਼ਾਨਾ ਸਵੇਰੇ-ਸ਼ਾਮ 231 ਯੋਗ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਵਿੱਚ 2500 ਤੋਂ ਵੱਧ ਨਾਗਰਿਕ ਨਿਯਮਿਤ ਰੂਪ ਨਾਲ ਯੋਗ ਅਭਿਆਸ ਕਰ ਰਹੇ ਹਨ। ਸਿਖਲਾਈ ਪ੍ਰਾਪਤ ਯੋਗਾ ਟ੍ਰੇਨਰ ਘਰ-ਘਰ ਜਾ ਕੇ ਅਤੇ ਜਨਤਕ ਪਾਰਕਾਂ ਵਿੱਚ ਮੁਫ਼ਤ ਯੋਗ ਸਿਖਾ ਰਹੇ ਹਨ। ਸਥਾਨਕ ਨਿਵਾਸੀ ਗੁਰਪ੍ਰੀਤ ਕੌਰ ਨੇ ਦੱਸਿਆ, ਪਹਿਲਾਂ ਮੈਨੂੰ ਕਮਰ ਦਰਦ ਅਤੇ ਬੀ.ਪੀ. ਦੀ ਸਮੱਸਿਆ ਸੀ। 2 ਮਹੀਨੇ ਤੋਂ ਯੋਗਸ਼ਾਲਾ ਜੁਆਇਨ ਕਰਨ ਤੋਂ ਬਾਅਦ ਦਵਾਈ ਅੱਧੀ ਹੋ ਗਈ ਹੈ ਅਤੇ ਹੁਣ ਮੈਂ ਪੂਰਾ ਦਿਨ ਐਨਰਜੈਟਿਕ ਰਹਿੰਦੀ ਹਾਂ। ਜ਼ਿਲ੍ਹਾ ਕੋਆਰਡੀਨੇਟਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੀ ਦਾ ਸੁਪਨਾ ਹੈ ਕਿ ਹਰ ਪੰਜਾਬੀ ਤੰਦਰੁਸਤ ਹੋਵੇ। 'ਸੀ.ਐਮ. ਦੀ ਯੋਗਸ਼ਾਲਾ' ਉਸੇ ਸੁਪਨੇ ਨੂੰ ਪੂਰਾ ਕਰ ਰਹੀ ਹੈ। ਸੂਗਰ, ਮੋਟਾਪਾ, ਤਣਾਅ ਵਰਗੀਆਂ ਬਿਮਾਰੀਆਂ ਤੋਂ ਲੋਕ ਯੋਗ ਦੇ ਜ਼ਰੀਏ ਛੁਟਕਾਰਾ ਪਾ ਰਹੇ ਹਨ। ਖਾਸ ਗੱਲ ਇਹ ਕਿ ਕੋਈ ਵੀ ਨਾਗਰਿਕ ਟੋਲ-ਫ੍ਰੀ ਨੰਬਰ 76694-00500 'ਤੇ ਮਿਸਡ ਕਾਲ ਦੇ ਕੇ ਜਾਂ http://cmyogashala.punjab.gov.in 'ਤੇ ਰਜਿਸਟਰ ਕਰਕੇ ਆਪਣੇ ਮੁਹੱਲੇ ਵਿੱਚ ਮੁਫ਼ਤ ਯੋਗ ਕਲਾਸ ਸ਼ੁਰੂ ਕਰਵਾ ਸਕਦਾ ਹੈ। 25 ਲੋਕਾਂ ਦਾ ਗਰੁੱਪ ਬਣਦੇ ਹੀ ਸਰਕਾਰ ਟ੍ਰੇਨਰ ਭੇਜ ਦਿੰਦੀ ਹੈ। 'ਸੀ.ਐਮ. ਦੀ ਯੋਗਸ਼ਾਲਾ' ਨਾ ਸਿਰਫ਼ ਸਰੀਰ ਨੂੰ ਸਗੋਂ ਨਵਾਂਸ਼ਹਿਰ ਨੂੰ ਵੀ 'ਰੰਗਲਾ ਅਤੇ ਸਿਹਤਮੰਦ' ਬਣਾ ਰਹੀ ਹੈ।

ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਵੱਲੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਲੈਕਚਰਾਰਾਂ ਦੀ ਭਰਤੀ ਵਿੱਚ ਸੰਵਿਧਾਨਿਕ ਰਿਜਰਵੇਸ਼ਨ ਨਾ ਦੇਣ ਦੇ ਖਿਲਾਫ ਰੋਸ ਪ੍ਰਦਰਸ਼ਨ

ਚੰਡੀਗੜ੍ਹ, 3 ਜੁਲਾਈ
(ਪੈਗਾਮ-ਏ-ਜਗਤ)

ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਦੇ ਮੈਂਬਰਾਂ ਅਹੁਦਾਰਾਂ ਅਤੇ ਮੈਂਬਰਾਂ ਵੱਲੋਂ ਪੰਜਾਬ ਸਰਕਾਰ ਦੇ ਖਿਲਾਫ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਸਿੱਖਿਆ ਵਿਭਾਗ ਵਿੱਚ ਲੈਕਚਰਾਰਾਂ ਦੀ ਭਰਤੀ ਵਿੱਚ ਬਣਦੀ ਸਵਿਧਾਨਿਕ ਰਿਜਰਵੇਸ਼ਨ ਨਾ ਦੇਣ ਦੇ ਖਿਲਾਫ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਇਨ੍ਹਾਂ ਪੋਸਟਾਂ ਲਈ ਅਪਲਾਈ ਕਰਨ ਦੀ ਮਿਤੀ 1 ਜੁਲਾਈ 2026 ਤੋਂ 31 ਜੁਲਾਈ 2026 ਤੱਕ ਹੈ।

ਜਿਸ ਦੀ ਪ੍ਰਧਾਨਗੀ ਸ੍ਰ. ਬਲਦੇਵ ਸਿੰਘ ਮਹਿਰਾ, ਮੀਤ ਪ੍ਰਧਾਨ ਪੰਜਾਬ ਬਹੁਜਨ ਸਮਾਜ ਪਾਰਟੀ, ਜੋਗਾ ਸਿੰਘ ਪਨੇਦੀਆਂ ਜਨਰਲ ਸਕੱਤਰ ਪੰਜਾਬ, ਮੇਜਰ ਸਿੰਘ ਟਿੱਬੀ ਜਿਲਾ ਪ੍ਰਧਾਨ ਪਟਿਆਲਾ ਅਤੇ ਸਰਨੇਲ ਸਿੰਘ ਇਨਕਮ ਟੈਕਸ ਅਫਸਰ ਰਿਟਾਇਰਡ ਇੰਚਾਰਜ ਦਿਹਾਤੀ ਹਲਕਾ ਪਟਿਆਲਾ ਨੇ ਕੀਤੀ। ਇਨ੍ਹਾਂ ਨੇ ਆਪਣਾ ਮੈਮੋਰੰਡਮ ਜੋ ਕਿ ਮਾਨਯੋਗ ਰਾਜਪਾਲ ਪੰਜਾਬ, ਪੰਜਾਬ ਰਾਜ ਭਵਨ ਚੰਡੀਗੜ੍ਹ ਨੂੰ ਜਿਲ੍ਹਾ ਡਿਪਟੀ ਕਮਿਸ਼ਨਰ ਪਟਿਆਲਾ ਰਾਹੀਂ ਦਿੱਤਾ ਗਿਆ। ਜਿਸ ਵਿੱਚ ਇਹ ਮੰਗ ਰੱਖੀ ਗਈ ਕਿ ਅਨੁਸੂਚਿਤ ਜਾਤੀਆਂ ਨੰਬਰ 25 ਪ੍ਰਤੀਸ਼ਤ ਅਤੇ ਪੱਛੜੀਆਂ ਸ਼੍ਰੇਣੀਆਂ 27 ਪ੍ਰਤੀਸ਼ਤ ਹਿਸਾਬ ਨਾਲ ਜੋ ਹੱਕ ਬਣਦਾ ਹੈ ਦਿਤਾ ਜਾਵੇ, ਜੋ ਕਿ ਸੰਵਿਧਾਨਕ ਹੱਕ ਹੈ।

ਇਸ ਰੋਸ ਪ੍ਰਦਰਸ਼ਨ ਵਿੱਚ ਸਰਵ ਸ੍ਰੀ ਸੁਰਜੀਤ ਸਿੰਘ ਗੋਗੋਆ, ਬੰਤ ਸਿੰਘ ਆਈ.ਟੀ.ਓ., ਕਰਨੈਲ ਸਿੰਘ ਐਮ.ਈ.ਐਸ., ਕਰਨੈਲ ਸਿੰਘ ਝਿੱਲ,ਹਰਵਿੰਦਰ ਸਿੰਘ ਨਾਰੜੂ, ਜਗਮੇਲ ਸਿੰਘ ਜਿਲਾ ਸਕੱਤਰ, ਹਰਬੰਸ ਸਿੰਘ ਪੰਚਾਦਿਤ ਅਫਸਰ ਰਿਟਾਇਰਡ, ਰਵੀ ਕੁਮਾਰ ਪ੍ਰਧਾਨ, ਲਾਲ ਚੰਦ ਪ੍ਰਧਾਨ, ਪ੍ਰੀਤਮ ਸਿੰਘ ਅਤੇ ਹੋਰ ਸੈਕੜੇ ਮੈਂਬਰ ਆਦਿ ਹਾਜਰ ਸਨ।

ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਐੱਸ.ਆਈ.ਆਰ. ਦੀ ਪ੍ਰਗਤੀ ਦੀ ਕੀਤੀ ਸਮੀਖਿਆ

ਪੈਗਾਮ-ਏ-ਜਗਤ/ਹੁਸ਼ਿਆਰਪੁਰ
(ਸਤਨਾਮ ਸਿੰਘ ਸਹੁੰਗੜਾ)

- 24 ਜੁਲਾਈ ਤੱਕ ਪੋਲਿੰਗ ਸਟੇਸ਼ਨਾਂ ਦੇ ਰੈਸ਼ਨਲਾਈਜ਼ੇਸ਼ਨ ਦਾ ਕੰਮ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼

ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਧੀ ਕੁਮੁਦ ਬੰਬਾਹ ਨੇ ਜ਼ਿਲ੍ਹੇ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਸਪੇਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਵੀਰਵਾਰ ਸ਼ਾਮ ਚੋਰਸੀ, ਉੜਮੁੜ ਅਤੇ ਚੱਬੇਵਾਲ ਦੇ ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਸਮੀਖਿਆ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਉਨ੍ਹਾਂ ਨੇ ਬੂਥ ਲੈਵਲ ਅਧਿਕਾਰੀਆਂ (ਬੀ.ਐੱਲ.ਓਜ਼.) ਵੱਲੋਂ ਘਰ-ਘਰ ਜਾ ਕੇ ਕੀਤੇ ਜਾ ਰਹੇ ਗਿਣਤੀ ਕਾਰਜ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬੀ.ਐੱਲ.ਓਜ਼ ਵੱਲੋਂ ਕੀਤੇ ਜਾ ਰਹੇ ਗਿਣਤੀ ਕਾਰਜ ਦੀ ਜਾਣਕਾਰੀ ਨਿਰਧਾਰਤ ਮੋਬਾਈਲ ਐਪ 'ਤੇ ਸਮੇਂ ਸਿਰ ਅਪਲੋਡ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਤੋਂ ਵਾਂਝਾ ਨਾ ਰਹੇ।ਮੀਟਿੰਗ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 24 ਜੁਲਾਈ 2026 ਤੱਕ ਜ਼ਿਲ੍ਹੇ ਦੇ ਪੋਲਿੰਗ ਸਟੇਸ਼ਨਾਂ ਦੇ ਰੈਸ਼ਨਲਾਈਜ਼ੇਸ਼ਨ ਦਾ ਕੰਮ ਵੀ ਮੁਕੰਮਲ ਕਰ ਲਿਆ ਜਾਵੇ।

ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਨਿਰਧਾਰਤ ਮਾਪਦੰਡਾਂ ਅਨੁਸਾਰ ਜਿਨ੍ਹਾਂ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ ਗਿਣਤੀ 1200 ਤੋਂ ਵੱਧ ਹੋਵੇਗੀ, ਉੱਥੇ ਨਵੇਂ ਪੋਲਿੰਗ ਸਟੇਸ਼ਨ ਸਥਾਪਤ ਕਰਨ ਸਬੰਧੀ ਪ੍ਰਸਤਾਵ ਤਿਆਰ ਕਰਕੇ ਮੁੱਖ ਚੋਣ ਅਧਿਕਾਰੀ, ਪੰਜਾਬ ਨੂੰ ਭੇਜੇ ਜਾਣਗੇ, ਤਾਂ ਜੋ ਵੋਟਰਾਂ ਨੂੰ ਵੋਟਿੰਗ ਪ੍ਰਕਿਰਿਆ ਵਿੱਚ ਹੋਰ ਵੱਧ ਸੁਵਿਧਾ ਮਿਲ ਸਕੇ। ਇਸ ਮੌਕੇ 'ਤੇ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ, ਚੋਣ ਤਹਿਸੀਲਦਾਰ ਗਮਨਦੀਪ ਕੌਰ ਅਤੇ ਚੋਣ ਕਾਨੂੰਨਗੋ ਲਖਬੀਰ ਸਿੰਘ ਵੀ ਹਾਜ਼ਰ ਸਨ।

ਟ੍ਰੈਫਿਕ ਪੁਲਿਸ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਜਾਤੜੀ ਵਿਖੇ ਟ੍ਰੈਫਿਕ ਨਿਯਮਾਂ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਆਯੋਜਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
3 ਜੁਲਾਈ, (ਪੈਗਾਮ-ਏ-ਜਗਤ)

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ. ਨਗਰ ਤੇ ਸ੍ਰੀ ਨਵਨੀਤ ਸਿੰਘ ਮਾਹਲ ਕਪਤਾਨ ਪੁਲਿਸ (ਟ੍ਰੈਫਿਕ) ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਜਾਤੜੀ ਵਿਖੇ ਟ੍ਰੈਫਿਕ ਨਿਯਮਾਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਵਿੱਚ ਉਪ ਕਪਤਾਨ ਪੁਲਿਸ (ਟ੍ਰੈਫਿਕ) ਸ. ਕਰਨੈਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਨਸ਼ਾ ਵੇਚਣ ਜਾਂ ਨਸ਼ਾ ਕਰਨ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਵਟਸਐਪ ਨੰਬਰ 97791-00200, ਪੁਲਿਸ ਹੈਲਪਲਾਈਨ 112 ਜਾਂ ਨਜ਼ਦੀਕੀ ਪੁਲਿਸ ਥਾਣੇ ਨੂੰ ਸੂਚਿਤ ਕਰਨ, ਤਾਂ ਜੋ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕੇ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਦਾ ਇਲਾਜ ਕਰਵਾਇਆ ਜਾ ਸਕੇ।

ਉਨ੍ਹਾਂ ਨਸ਼ਿਆਂ ਦੇ ਸਮਾਜ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੰਦਿਆਂ ਕਿਹਾ ਕਿ ਨਸ਼ਾ ਬਰਬਾਦੀ ਦਾ ਕਾਰਨ ਬਣਦਾ ਹੈ ਅਤੇ ਇਸ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ। ਸ. ਕਰਨੈਲ ਸਿੰਘ ਨੇ ਵਿਦਿਆਰਥੀਆਂ ਅਤੇ ਹਾਜ਼ਰ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕਰਦਿਆਂ ਲਾਲ ਬੱਤੀ ਦੀ ਉਲੰਘਣਾ ਨਾ ਕਰਨ, ਤੇਜ਼ ਰਫ਼ਤਾਰ ਅਤੇ ਖ਼ਤਰਨਾਕ ਡਰਾਈਵਿੰਗ ਤੋਂ ਬਚਣ, ਸ਼ਰਾਬ ਪੀ ਕੇ ਵਾਹਨ ਨਾ ਚਲਾਉਣ, ਗਲਤ ਸਾਈਡ ਡਰਾਈਵਿੰਗ ਨਾ ਕਰਨ, ਨੋ-ਓਵਰਟੇਕ ਜ਼ੋਨ ਵਿੱਚ ਓਵਰਟੇਕ ਨਾ ਕਰਨ, ਹੈਲਮੇਟ ਅਤੇ ਸੀਟ ਬੈਲਟ ਦੀ ਲਾਜ਼ਮੀ ਵਰਤੋਂ ਕਰਨ ਅਤੇ ਵਾਹਨ ਚਲਾਉਂਦੇ ਸਮੇਂ ਮੋਬਾਈਲ ਫ਼ੋਨ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਦੱਸਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚੇ ਵੱਲੋਂ ਵਾਹਨ ਚਲਾਉਣ ਦੀ ਸੂਰਤ ਵਿੱਚ ਮਾਪਿਆਂ ਜਾਂ ਵਾਹਨ ਮੁਹੱਈਆ ਕਰਵਾਉਣ ਵਾਲੇ ਵਿਅਕਤੀ ਨੂੰ ਤਿੰਨ ਸਾਲ ਤੱਕ ਦੀ ਕੈਦ ਅਤੇ 25 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ।

ਇਸ ਮੌਕੇ 'ਤੇ ਵਾਹਨ ਚਾਲਕਾਂ ਨੂੰ ਗੁੱਡ ਸੇਮੀਰਿਟਨ ਸਕੀਮ ਅਤੇ ਫਰਿਸ਼ਤੇ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਸੜਕ ਹਾਦਸੇ ਦੇ ਪੀੜਤ ਦੀ ਸਮੇਂ ਸਿਰ ਮਦਦ ਕਰਦਾ ਹੈ ਤਾਂ ਉਸ ਨੂੰ ਸਰਕਾਰ ਵੱਲੋਂ 2,000 ਰੁਪਏ ਦਾ ਇਨਾਮ ਦਿੱਤਾ ਜਾਂਦਾ ਹੈ। ਉਪ ਕਪਤਾਨ ਪੁਲਿਸ ਨੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸੈਮੀਨਾਰ ਤੋਂ ਪ੍ਰਾਪਤ ਜਾਣਕਾਰੀ ਆਪਣੇ ਪਰਿਵਾਰਕ ਮੈਂਬਰਾਂ ਨਾਲ ਵੀ ਸਾਂਝੀ ਕਰਨ ਅਤੇ ਉਨ੍ਹਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਸ਼ਰਾਬ ਪੀ ਕੇ ਵਾਹਨ ਨਾ ਚਲਾਉਣ ਅਤੇ ਤੇਜ਼ ਰਫ਼ਤਾਰ ਤੋਂ ਬਚਣ ਲਈ ਜਾਗਰੂਕ ਕਰਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਹਰਮਿੰਦਰ ਕੌਰ, ਵਾਈਸ ਪ੍ਰਿੰਸੀਪਲ ਮਨਜੀਤ ਕੌਰ, ਡੀ.ਪੀ.ਈ. ਤੇਜਿੰਦਰ ਸਿੰਘ, ਅਧਿਆਪਕ ਸਿਮਰਨਜੀਤ ਸਿੰਘ, ਰੁਪਿਦਰ ਸਿੰਘ ਅਤੇ ਸਕੂਲ ਦਾ ਹੋਰ ਸਟਾਫ਼ ਹਾਜ਼ਰ ਸੀ। ਅੰਤ ਵਿੱਚ ਪ੍ਰਿੰਸੀਪਲ ਸ੍ਰੀਮਤੀ ਹਰਮਿੰਦਰ ਕੌਰ ਨੇ ਉਪ ਕਪਤਾਨ ਪੁਲਿਸ (ਟ੍ਰੈਫਿਕ) ਸ. ਕਰਨੈਲ ਸਿੰਘ ਦਾ ਸਕੂਲ ਆਉਣ ਲਈ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਗਈ ਜਾਣਕਾਰੀ ਨੂੰ ਬਹੁਤ ਹੀ ਲਾਭਦਾਇਕ ਅਤੇ ਪ੍ਰੇਰਣਾਦਾਇਕ ਕਰਾਰ ਦਿੱਤਾ।

'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' : ਸਿਵਲ ਸਰਜਨ ਤੇ ਸੀਨੀਅਰ ਡਿਪਟੀ ਮੇਅਰ ਨੇ ਕੀਤਾ ਨਿਰੀਖਣ

ਸਾਹਿਬਜ਼ਾਦਾ ਅਜੀਤ ਸਿੰਘ ਨਗਰ,
3 ਜੁਲਾਈ (ਪੈਗਾਮ-ਏ-ਜਗਤ)

'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਅੱਜ ਸੀਨੀਅਰ ਡਿਪਟੀ ਮੇਅਰ ਰਾਜਿੰਦਰ ਪ੍ਰਸਾਦ ਸ਼ਰਮਾ ਨਾਲ ਫ਼ੇਜ਼ 6 ਵਿਖੇ ਘਰਾਂ

- ਫ਼ੇਜ਼ 6 ਦੇ ਘਰਾਂ ਵਿਚ ਪਾਈ ਫੋਗੀ, ਸਾਵਧਾਨੀਆਂ ਵਰਤਣ ਲਈ ਪ੍ਰੇਰਿਆ

ਵਿਚ ਚੱਲ ਰਹੀ ਕਾਰਵਾਈ ਦਾ ਨਿਰੀਖਣ ਕੀਤਾ ਅਤੇ ਲੋਕਾਂ ਨੂੰ ਡੇਂਗੂ ਬੁਖ਼ਾਰ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਲਈ ਪ੍ਰੇਰਿਆ।

ਡਾ. ਜੈਨ ਅਤੇ ਸ੍ਰੀ ਸ਼ਰਮਾ ਨੇ ਕਈ ਘਰਾਂ ਵਿਚ ਫੋਗੀ ਪਾਈ ਅਤੇ ਮੱਛਰ ਦੀ ਪੈਦਾਇਸ਼ ਦੀ ਸੰਭਾਵਨਾ ਵਾਲੀਆਂ ਥਾਵਾਂ ਨੂੰ ਵੇਖਿਆ ਅਤੇ ਜਿਸ ਘਰ ਵਿਚ ਮੱਛਰ ਦਾ ਲਾਰਵਾ ਮਿਲਿਆ, ਉਸ ਘਰ ਦੇ ਮਾਲਕਾਂ ਨੂੰ ਚਿਤਾਵਨੀ ਦਿਤੀ ਗਈ ਕਿ ਅਗਲੀ ਵਾਰ ਲਾਰਵਾ ਮਿਲਣ 'ਤੇ ਨਿਗਮ ਵਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸਿਵਲ ਸਰਜਨ ਨੇ ਮੌਕੇ 'ਤੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦਿਆਂ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵੀ ਵਿਸਥਾਰਪੂਰਕ ਜਾਣਕਾਰੀ ਦਿਤੀ ਅਤੇ ਅਪੀਲ ਕੀਤੀ ਕਿ ਕਿਸੇ ਵੀ ਥਾਂ 'ਤੇ ਪਾਣੀ ਖੜਾ ਨਾ ਹੋਣ ਦਿਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਡੇਂਗੂ-ਮੁਕਤ ਬਣਾਉਣ ਲਈ ਲੋਕਾਂ ਦਾ ਸਹਿਯੋਗ ਅਤਿ-ਲੋੜੀਂਦਾ ਹੈ। ਸ੍ਰੀ ਸ਼ਰਮਾ ਨੇ ਸੰਬੋਧਨ ਕਰਦਿਆਂ ਜਿੱਥੇ ਸਿਹਤ ਵਿਭਾਗ ਦਾ ਧੰਨਵਾਦ ਕੀਤਾ, ਉਥੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਫ਼ਤੇ ਵਿਚ ਇਕ ਵਾਰ ਕੰਟੇਨਰ ਜ਼ਰੂਰ ਸਾਫ਼ ਕਰਨ ਅਤੇ ਕੂਲਰਾਂ ਆਦਿ ਵਿਚਲਾ ਪਾਣੀ ਹਰ ਰੋਜ਼ ਬਦਲਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਜਾਨਲੇਵਾ ਮੱਛਰ ਤੋਂ ਬਚਾਅ ਬਹੁਤ ਜ਼ਰੂਰੀ ਹੈ, ਇਸ ਲਈ

ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ 26ਵੀਂ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ

- ਮਨੀਸ਼ ਸਿਸੋਦੀਆ, ਕੁਲਤਾਰ ਸਿੰਘ ਸੰਧਵਾਂ, ਹਰਪਾਲ ਸਿੰਘ ਚੀਮਾ, ਬਰਿੰਦਰ ਗੋਇਲ, ਗੁਰਮੀਤ ਸਿੰਘ ਖੁੱਡੀਆਂ, ਮਲਵਿੰਦਰ ਸਿੰਘ ਕੰਗ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਭੇਟ ਕੀਤੀ ਸ਼ਰਧਾਂਜਲੀ

ਸੁਨਾਮ ਊਧਮ ਸਿੰਘ ਵਾਲਾ
3 ਜੁਲਾਈ (ਪੈਗਾਮ-ਏ-ਜਗਤ)

ਪੰਜਾਬ ਦੇ ਸਾਬਕਾ ਮੰਤਰੀ ਸਵਰਗੀ ਬਾਬੂ ਭਗਵਾਨ ਦਾਸ ਅਰੋੜਾ ਦੀ 26ਵੀਂ ਬਰਸੀ ਅੱਜ ਗੁਰੂ ਨਾਨਕ ਦੇਵ ਡੈਂਟਲ ਕਾਲਜ, ਸੁਨਾਮ ਊਧਮ ਸਿੰਘ ਵਾਲਾ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਅਰਦਾਸ ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ ਅਤੇ ਲੋਕਾਂ ਦੀ ਸੇਵਾ ਲਈ ਮੁਫ਼ਤ ਡੈਂਟਲ ਅਤੇ ਮੈਡੀਕਲ ਕੈਂਪ ਵੀ ਲਗਾਇਆ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਰਾਜਨੀਤਿਕ, ਧਾਰਮਿਕ, ਸਮਾਜਿਕ ਅਤੇ ਸਿੱਖਿਆ ਖੇਤਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਵ. ਬਾਬੂ ਭਗਵਾਨ ਦਾਸ ਅਰੋੜਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਪੰਜਾਬ ਇਕਾਈ ਦੇ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸਵ. ਬਾਬੂ ਭਗਵਾਨ ਦਾਸ ਅਰੋੜਾ ਵੱਲੋਂ ਕੀਤੀ ਨਿਸ਼ਕਾਮ ਲੋਕ ਸੇਵਾ, ਸਾਦਗੀ, ਇਮਾਨਦਾਰੀ ਅਤੇ ਸਮਾਜ ਪ੍ਰਤੀ ਸਮਰਪਣ ਹੀ ਹੈ ਕਿ 26 ਸਾਲ ਬਾਅਦ ਵੀ ਲੋਕ ਉਨ੍ਹਾਂ ਨੂੰ ਉਸੇ ਸਤਿਕਾਰ ਨਾਲ ਯਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਆਪਣੇ ਪਿਤਾ ਦੇ ਆਦਰਸ਼ਾਂ 'ਤੇ ਚੱਲਦਿਆਂ ਲੋਕ ਸੇਵਾ ਨੂੰ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮਨੁੱਖ ਦੀ ਅਸਲ ਪਹਿਚਾਣ ਉਸ ਦੇ ਕਰਮਾਂ ਨਾਲ ਹੁੰਦੀ ਹੈ ਅਤੇ ਸਵ. ਬਾਬੂ ਭਗਵਾਨ ਦਾਸ ਅਰੋੜਾ ਨੇ ਆਪਣਾ ਸਮੂਚਾ ਜੀਵਨ ਲੋਕ ਭਲਾਈ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਜਿਹੜੇ ਮਾਪੇ ਆਪਣੇ ਬੱਚਿਆਂ ਨੂੰ ਸੇਵਾ, ਸੱਚਾਈ ਅਤੇ ਇਮਾਨਦਾਰੀ ਦੇ ਸੰਸਕਾਰ ਦਿੰਦੇ ਹਨ, ਉਹ ਸਦਾ ਸਮਾਜ ਵਿੱਚ ਜਿਊਂਦੇ ਰਹਿੰਦੇ ਹਨ। ਉਨ੍ਹਾਂ ਅਰੋੜਾ ਪਰਿਵਾਰ ਵੱਲੋਂ ਲੋਕ ਸੇਵਾ ਦੀ ਇਸ ਪਰੰਪਰਾ ਨੂੰ ਨਿਰੰਤਰ ਜਾਰੀ ਰੱਖਣ ਦੀ ਸ਼ਲਾਘਾ ਕੀਤੀ।

ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸਵ. ਬਾਬੂ ਭਗਵਾਨ ਦਾਸ ਅਰੋੜਾ ਸਿਰਫ ਇੱਕ ਰਾਜਨੇਤਾ ਨਹੀਂ ਸਨ, ਸਗੋਂ ਆਪਣੇ ਆਪ ਵਿੱਚ ਇੱਕ ਸੰਸਥਾ ਸਨ, ਜਿਨ੍ਹਾਂ ਨੇ ਵਿਕਾਸ ਅਤੇ ਸਮਾਜ ਸੇਵਾ ਨੂੰ ਆਪਣੀ ਜ਼ਿੰਦਗੀ ਦਾ ਮਕਸਦ ਬਣਾਇਆ। ਉਨ੍ਹਾਂ ਕਿਹਾ ਕਿ 1996 ਵਿੱਚ ਗੁਰੂ ਨਾਨਕ ਦੇਵ ਡੈਂਟਲ ਕਾਲਜ ਦੀ ਸਥਾਪਨਾ ਕਰਨਾ ਉਨ੍ਹਾਂ ਦੀ ਦੂਰਅੰਦੇਸ਼ੀ ਦਾ ਪ੍ਰਤੀਕ ਸੀ, ਜਿਸ ਦਾ ਲਾਭ ਅੱਜ ਦੇਸ਼ ਅਤੇ ਵਿਦੇਸ਼ ਵਿੱਚ ਸੇਵਾਵਾਂ ਨਿਭਾ ਰਹੇ ਹਜ਼ਾਰਾਂ ਵਿਦਿਆਰਥੀਆਂ ਨੂੰ ਮਿਲ ਰਿਹਾ ਹੈ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਵ. ਬਾਬੂ ਭਗਵਾਨ ਦਾਸ ਅਰੋੜਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਸਮਾਜ ਸੇਵਾ ਅਤੇ ਲੋਕ ਭਲਾਈ ਲਈ ਸਮਰਪਿਤ ਰਿਹਾ। ਉਨ੍ਹਾਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਦੇ ਆਦਰਸ਼ ਸਦਾ ਸਮਾਜ ਨੂੰ ਸਹੀ ਦਿਸ਼ਾ ਦਿੰਦੇ ਰਹਿੰਦੇ ਹਨ।

ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਸਮਾਗਮ ਵਿੱਚ ਸ਼ਾਮਲ ਹੋਈਆਂ ਸਮੂਹ ਸ਼ਖ਼ਸੀਅਤਾਂ ਅਤੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਵੇਂ ਉਨ੍ਹਾਂ ਦੇ ਪਿਤਾ ਨੂੰ ਇਸ ਸੰਸਾਰ ਤੋਂ ਵਿਛੜਿਆਂ 26 ਸਾਲ ਹੋ ਗਏ ਹਨ, ਪਰ ਉਨ੍ਹਾਂ ਦੇ ਆਦਰਸ਼, ਵਿਚਾਰ ਅਤੇ ਅਸ਼ੀਰਵਾਦ ਅੱਜ ਵੀ ਪਰਿਵਾਰ ਦੀ ਪ੍ਰੇਰਣਾ ਹਨ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਡੈਂਟਲ ਕਾਲਜ ਦੀ ਸਥਾਪਨਾ ਦਾ ਮਕਸਦ ਮੁਨਾਫ਼ਾ ਕਮਾਉਣਾ ਨਹੀਂ, ਸਗੋਂ ਮਾਲਵਾ ਖੇਤਰ ਦੇ ਨੌਜਵਾਨਾਂ ਨੂੰ ਉੱਚ ਸਿੱਖਿਆ ਅਤੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸੀ। ਅੱਜ ਇਸ ਸੰਸਥਾ ਤੋਂ ਸਿੱਖਿਆ ਪ੍ਰਾਪਤ ਕਰਕੇ ਹਜ਼ਾਰਾਂ ਵਿਦਿਆਰਥੀ ਦੇਸ਼-ਵਿਦੇਸ਼ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ, ਜੋ ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ ਦੂਰਅੰਦੇਸ਼ੀ ਅਤੇ ਸਮਾਜ ਪ੍ਰਤੀ ਵਚਨਬੱਧਤਾ ਦਾ ਜੀਵੰਤ ਪ੍ਰਮਾਣ ਹੈ।

ਇਸ ਮੌਕੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸਵ. ਬਾਬੂ ਭਗਵਾਨ ਦਾਸ ਅਰੋੜਾ ਨਾਲ ਉਨ੍ਹਾਂ ਦਾ ਰਿਸ਼ਤਾ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪਰਿਵਾਰਕ ਸੀ। ਉਨ੍ਹਾਂ ਕਿਹਾ ਕਿ ਸਵ. ਅਰੋੜਾ ਵੱਲੋਂ ਲੋਕ ਸੇਵਾ ਅਤੇ ਇਮਾਨਦਾਰੀ ਦੇ ਦਿੱਤੇ ਸੰਸਕਾਰਾਂ ਨੂੰ ਉਨ੍ਹਾਂ ਦੇ ਸਪੁੱਤਰ ਸ੍ਰੀ ਅਮਨ ਅਰੋੜਾ ਪੂਰੀ ਤਨਦੇਹੀ ਨਾਲ ਅੱਗੇ ਵਧਾ ਰਹੇ ਹਨ ਅਤੇ ਲੋਕ ਸੇਵਾ ਰਾਹੀਂ ਆਪਣੇ ਪਿਤਾ ਦੇ ਆਦਰਸ਼ਾਂ ਨੂੰ ਸਾਕਾਰ ਕਰ ਰਹੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਐਮ.ਐਲ.ਏ. ਨਰਿੰਦਰ ਕੌਰ ਭਰਾਜ, ਦਵਿੰਦਰਜੀਤ ਸਿੰਘ ਲਾਡੀ ਢੋਸ, ਬਲਕਾਰ ਸਿਘ ਸਿੱਧੂ, ਗੁਲਵੰਤ ਸਿਘ ਪੰਡੋਰੀ, ਚੇਤਨ ਸਿੰਘ ਜੌੜਾਮਾਜਰਾ, ਅਸ਼ੋਕ ਪਰਾਸ਼ਰ ਪੰਪੀ, ਮਦਨ ਲਾਲ ਬੱਗਾ, ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ ਗੁਰਮੇਲ ਸਿੰਘ ਘਰਾਚੋਂ ਸਮੇਤ ਵੱਡੀ ਗਿਣਤੀ ਧਾਰਮਿਕ ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸ਼ੀਅਤਾਂ ਮੌਜੂਦ ਸਨ। ਮੰਚ ਸੰਚਾਲਨ ਨਗਰ ਕੌਂਸਲ ਸੁਨਾਮ ਦੇ ਪ੍ਰਧਾਨ ਮਨਪ੍ਰੀਤ ਬਾਂਸਲ ਨੇ ਕੀਤਾ।

ਸਕੂਲ ਅੱਗੇ ਚੌਥਾ ਦਰਜਾ ਮੁਲਾਜਮਾਂ ਨੇ ਮੈਨੇਜਮੈਂਟ ਵਿਰੁੱਧ ਰੋਸ ਧਰਨਾ ਦੇ ਕੇ ਰੈਲੀ ਕੀਤੀ

ਪਟਿਆਲਾ 03 ਜੁਲਾਈ (ਪੈਗਾਮ-ਏ-ਜਗਤ)

ਯਾਦਵਿੰਦਰਾ ਪਬਲਿਕ ਸਕੂਲ ਵਿਚਲੇ ਚੌਥਾ ਦਰਜਾ ਕਰਮੀਆਂ ਕੱਚਿਆਂ ਅਤੇ ਪੱਕਿਆਂ ਵਲੋਂ ਆਪਣੀਆਂ ਹੀਰਾਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਦੂਸਰੇ ਦਿਨ ਵੀ ਸਕੂਲ ਦੇ ਮੁੱਖ ਗੇਟ ਅੱਗੇ ਆਪਣੀਆਂ ਲੰਮਕਾ ਅਵਸਥਾ ਵਿੱਚ ਚਲ ਰਹੀਆਂ ਮੰਗਾਂ ਤੇ ਉਨ੍ਹਾਂ ਨੂੰ ਕੰਮਾਂ ਤੋਂ ਫਾਰਗ ਤੇ ਸੇਵਾਵਾਂ ਵਿੱਚ, ਬਰੇਕਾਂ ਪਾਉਣ, ਘੱਟੋ-ਘੱਟ ਉਜਰਤਾ ਲਾਗੂ ਨਾ ਕਰਨ ਵਰਗੀਆਂ, ਬੋਨਸ ਨਾ ਦੇਣ, ਕੰਮਾਂ ਦਾ ਸਮਾਂ ਨਿਸ਼ਚਿਤ ਨਾ ਕਰਨ, ਤਿਉਹਾਰੀ ਛੁੱਟੀਆਂ, ਅਚਨਚੇਤ ਛੁੱਟੀਆਂ ਨਾ ਦੇਣ ਤੇ ਗੁਲਾਮੀ ਵਾਂਗ ਕੰਮ ਲੈਣ, ਪੱਕਿਆਂ ਕਰਮੀਆਂ ਦੀਆਂ ਤਨਖਾਹਾਂ ਵਿੱਚ ਲੰਮੇ ਸਮੇਂ ਤੋਂ ਵਾਧਾ ਨਾ ਕਰਨ ਤੇ ਮੈਨੇਜਮੇਂਟ ਦੇ ਤਾਨਾਸ਼ਾਹ ਰਵਿਊ ਵਿਰੁੱਧ ਧਰਨੇ ਦੇ ਕੇ ਰੈਲੀਆਂ ਕੀਤੀਆਂ ਜਾ ਰਹੀਆਂ ਹਨ।

ਕੈਪਟਨ ਅਮਰਿੰਦਰ ਸਿਘ ਦੇ ਪੁਰਖਾਂ ਦੇ ਨਾਮ ਤੇ ਇਸ ਸਕੂਲ ਵਿੱਚ ਸੇਵਾ ਨਿਵਿਰਤ ਮਿਲਟਰੀ ਅਫਸਰਾਂ ਵਲੋਂ ਬੇਤੁੱਕੀ ਭਾਸ਼ਾਵਾਂ ਦੀ ਵਰਤੋਂ ਮੇਲ ਤੇ ਫੀਮੇਲ ਕਰਮੀਆਂ ਨਾ ਕੀਤੀ ਜਾਣੀ ਹੈ। ਇੱਥੇ ਕਰਮ ਦਾ ਵੀ ਬੋਲਬਾਲਾ ਹੈ। ਪਰੰਤੂ ਕੋਈ ਮੌਖਰਮ ਜਾਂ ਚੇਅਰਮੈਨ ਧਿਆਨ ਨਹੀਂ ਦੇ ਰਿਹਾ ਆਦਿ ਆਦਿ।

ਸਕੂਲ ਦੇ ਚੌਥਾ ਦਰਜਾ ਮੁਲਾਜਮਾਂ ਜੋ ਲੰਮੇ ਸਮੇਂ ਤੋਂ ਮੈਨੇਜਮੇਂਟ ਤੋਂ ਪੀੜਤ ਹਨ ਦੀ ਹਮਾਇਤ ਵਿੱਚ ਪਹੁੰਚੇ ਪੰਜਾਬ ਦੇ ਮੁਲਾਜਮਾਂ ਦੇ ਆਗੂ ਦਰਸ਼ਨ ਸਿਘ ਲੁਬਾਣਾ, ਰਾਮ ਲਾਲ ਰਾਮਾ, ਰਾਜੇਸ਼ ਗੋਲੂ ਰਜਿੰਦਰਾ ਹਸਪਤਾਲ, ਸ਼ਿਵ ਚਰਨ ਪ੍ਰਧਾਨ, ਅਜੇ ਕੁਮਾਰ ਪ੍ਰਧਾਨ, ਦਿਦਰਪਾਲ ਵਾਲਿਆ ਪ੍ਰਧਾਨ, ਹਰਬੰਸ ਸਿਘ, ਦਿਆ ਸ਼ੰਕਰ, ਜੀਵਨ ਪ੍ਰਧਾਨ ਟੀ.ਬੀ. ਹਸਪਤਾਲ, ਦਿਆ ਸ਼ੰਕਰ ਪ੍ਰਧਾਨ ਵਾਈ.ਪੀ.ਐਸ., ਧਰਮਿੰਦਰ ਪ੍ਰਧਾਨ ਵਾਈ.ਪੀ.ਐਸ., ਰਾਮਜੋਧਾ, ਤਰਲੋਕ ਰਾਮ, ਪ੍ਰਦੀਪ, ਵਿਕਰਮ, ਗੁਰਸੀਤ ਕੌਰ, ਅਨਤਾ, ਸੀਮਾ, ਸੁਸ਼ੀਲਾ ਸ਼ਰਮਾ, ਸੋਤੇਸ਼ ਆਦਿ ਨੇ ਕਿਹਾ ਕਿ ਰਜਵਾੜਾ ਸ਼ਾਹੀ ਇਸ ਸਕੂਲ ਵਿੱਚ ਚੌਥਾ ਦਰਜਾ ਮੁਲਾਜਮਾਂ, ਵਿਸ਼ੇਸ਼ ਤੌਰ ਤੇ ਸਵਾਈ ਸੇਵਕਾਂ, ਸ਼ੋਸ਼ਣ ਕੀਤਾ ਜਾ ਰਿਹਾ ਹੈ। ਇਹ ਮਾਮਲਾ ਜਿਲਾ ਪ੍ਰਧਾਨ ਤੇ ਸਵਾਈ ਕਮਿਸ਼ਨ ਤੇ ਚੇਅਰਮੈਨ ਸ੍ਰੀ ਚੇਦਨ ਗਰੇਵਾਲ ਜੀ ਦੇ ਧਿਆਨ ਵਿੱਚ ਲਿਆਦਾ ਜਾ ਰਿਹਾ ਹੈ।

ਬਲਾਕ ਧੂਰੀ ਦੇ ਪਿੰਡਾਂ ਵਿੱਚ ਸੀਐਮ ਦੀ ਯੋਗਸ਼ਾਲਾ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ

- ਲੋਕ ਸਿਹਤਮੰਦ ਜੀਵਨ ਸ਼ੈਲੀ ਅਪਣਾ ਕੇ ਯੋਗ ਨਾਲ ਜੋੜ ਰਹੇ ਨੇ ਆਪਣਾ ਰਿਸ਼ਤਾ

ਧੂਰੀ, 3 ਜੁਲਾਈ (ਪੈਗਾਮ-ਏ-ਜਗਤ)

ਪੰਜਾਬ ਸਰਕਾਰ ਦੀ ਲੋਕ ਭਲਾਈ ਪਹਿਲ ਸੀਐਮ ਦੀ ਯੋਗਸ਼ਾਲਾ ਨੂੰ ਬਲਾਕ ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਰ ਰੋਜ਼ ਸਵੇਰ ਦੇ ਸਮੇਂ ਵੱਡੀ ਗਿਣਤੀ ਵਿੱਚ ਨੌਜਵਾਨ, ਮਹਿਲਾਵਾਂ, ਬਜ਼ੁਰਗ ਅਤੇ ਹੋਰ ਲੋਕ ਯੋਗ ਕਲਾਸਾਂ ਵਿੱਚ ਸ਼ਮੂਲੀਅਤ ਕਰਕੇ ਸਿਹਤਮੰਦ ਜੀਵਨ ਵੱਲ ਕਦਮ ਵਧਾ ਰਹੇ ਹਨ।

ਇਹ ਜਾਣਕਾਰੀ ਸਾਂਝੀ ਕਰਦਿਆਂ ਸੀਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ੍ਰ. ਲਵਪ੍ਰੀਤ ਸਿੰਘ ਨੇ ਦੱਸਿਆ ਕਿ ਯੋਗ ਇੰਸਟ੍ਰਕਟਰਾਂ ਵੱਲੋਂ ਲੋਕਾਂ ਨੂੰ ਯੋਗ ਦੇ ਸਰੀਰਕ ਅਤੇ ਮਾਨਸਿਕ ਲਾਭਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਯਮਤ ਯੋਗ ਅਭਿਆਸ ਨਾਲ ਲੋਕਾਂ ਦੀ ਸਿਹਤ ਵਿੱਚ ਸਕਾਰਾਤਮਕ ਬਦਲਾਅ ਆ ਰਹੇ ਹਨ ਅਤੇ ਉਹ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਹੋ ਰਹੇ ਹਨ।

ਯੋਗ ਕਲਾਸਾਂ ਵਿੱਚ ਸ਼ਮੂਲੀਅਤ ਕਰਨ ਵਾਲੇ ਪਿੰਡ ਵਾਸੀਆਂ ਨੇ ਦੱਸਿਆ ਕਿ ਸੀਐਮ ਦੀ ਯੋਗਸ਼ਾਲਾ ਨਾਲ ਜੁੜਨ ਤੋਂ ਬਾਅਦ ਉਨ੍ਹਾਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਵਿੱਚ ਕਾਫ਼ੀ ਸੁਧਾਰ ਆਇਆ ਹੈ। ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਲੋਕ ਭਲਾਈ ਪਹਿਲਕਦਮੀਆਂ ਨਾਲ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧ ਰਹੀ ਹੈ ਅਤੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹ ਮਿਲ ਰਿਹਾ ਹੈ।

ਜ਼ਿਲ੍ਹਾ ਕੋਆਰਡੀਨੇਟਰ ਸ੍ਰ. ਲਵਪ੍ਰੀਤ ਸਿਘ ਨੇ ਦੱਸਿਆ ਕਿ ਜੇਕਰ ਕੋਈ ਵੀ ਆਪਣੇ ਪਿੰਡ ਜਾਂ ਮਹੱਲੇ ਵਿੱਚ ਸੀਐਮ ਦੀ ਯੋਗਸ਼ਾਲਾ ਤਹਿਤ ਮੁਫ਼ਤ ਯੋਗਾ ਕਲਾਸ ਸ਼ੁਰੂ ਕਰਵਾਉਣਾ ਚਾਹੁੰਦਾ ਹੈ ਤਾਂ ਉਹ 78888-40198 'ਤੇ ਸੰਪਰਕ ਕਰ ਸਕਦਾ ਹੈ।

ਹੈਜ਼ਾ, ਡਿਹਾਇਡਰੈਸ਼ਨ ਤੇਜ਼ ਬੁਖਾਰ ਅਤੇ ਹੀਟ ਵੇਵ ਬਾਰੇ ਬੱਚਿਆਂ ਨੂੰ ਜਾਗਰੂਕ ਕਰਵਾਇਆ : ਪ੍ਰਿੰਸੀਪਲ ਸਰਲਾ ਭਟਨਾਗਰ

ਪਟਿਆਲਾ, 3 ਜੁਲਾਈ (ਪੈਗਾਮ-ਏ-ਜਗਤ)

ਵੱਧ ਰਹੀ ਗਰਮੀ, ਲੂ, ਤਪਸ਼ ਕਾਰਨ ਬੱਚਿਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਹੈਜ਼ਾ, ਡਿਹਾਇਡਰੈਸਨ, ਤੇਜ਼ ਬੁਖਾਰ ਸਦਮਾ ਆਦਿ ਹੋਣ ਤੇ ਘਰਾਂ ਵਿੱਚ ਤੁਰੰਤ ਕੀ ਫਸਟ ਏਡ ਕਰਨੀ ਚਾਹੀਦੀ ਹੈ। ਤੇਜ਼ ਬੁਖਾਰ ਸਮੇਂ ਥਰਮਮੀਟਰ ਦੀ ਵਰਤੋਂ, ਤਾਪਮਾਨ 102 ਡਿਗਰੀ ਤੋਂ ਵੱਧ ਤਾਂ ਮੱਥੇ ਤੇ ਠੰਡੀਆਂ ਪੱਟੀਆਂ, ਵੱਧ ਤੋਂ ਵੱਧ ਐਲਕਲਾਇਨ ਵਾਟਰ ਜਾਂ ਉਬਲਿਆ ਠੰਢਾ ਕੀਤਾ ਪਾਣੀ ਦੇਣ ਦੀ ਜਾਣਕਾਰੀ ਦੇਣ ਲਈ ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਪ੍ਰਿੰਸੀਪਲ ਸ੍ਰੀਮਤੀ ਸਰਲਾ ਭਟਨਾਗਰ ਵਲੋਂ ਜਾਗ੍ਰਿਤੀ ਪ੍ਰੋਗਰਾਮ ਕਰਵਾਏ। ਜਿਸ ਦੌਰਾਨ ਫਸਟ ਏਡ, ਸੰਵਦੀ, ਸਿਹਤ ਸਾਰਗੁਰਕਤਾ ਮਿਸ਼ਨ ਦੇ ਚੀਫ ਟ੍ਰੇਨਰ ਅਤੇ ਰੌਫ਼ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜਰ ਸ੍ਰੀ ਕਾਕਾ ਰਾਮ ਵਰਮਾ ਨੇ ਵਿਦਿਆਰਥੀਆਂ ਅਧਿਆਪਕਾਂ ਨੂੰ ਹੈਜ਼ਾ, ਡਿਹਾਇਡਰੇਸਨ, ਟੱਟੀਆਂ ਉਲਟੀਆਂ ਦੇ ਕਾਰਨ, ਆਈ ਕਮੜੇਕੀ ਬਾਰੇ ਦਸਦੇ ਹੋਏ ਕਿਹਾ ਕਿ ਬਜ਼ਾਰਾਂ ਵਿੱਚ ਵਿਕਦੇ ਜੂਸ, ਤਲੀਆਂ ਬਾਸੀ

ਚੀਜ਼ਾਂ, ਬਰਫ਼ ਕੁਲਫੀਆਂ ਦੀ ਵਰਤੋਂ, ਕਈ ਘੰਟੇ ਤੋਂ ਕਟਕੇ ਰੱਖੇ ਫਲ ਜਾਂ ਫਲ ਮਾਰਕੇ ਪਾਣੀ ਪੀਣ ਕਰਕੇ ਪੇਜ਼ਾ ਅਤੇ ਸਰੀਰ ਵਿੱਚ ਪਾਣੀ ਨਮਕ ਅਤੇ ਗੁਲੂਕੋਜ਼ ਦੀ ਕਮੀਂ ਹੋਣ ਕਾਰਨ ਬਹੁਤ ਕਮਜ਼ੋਰੀ ਆ ਜਾਂਦੀ ਹੈ।

ਉਨ੍ਹਾਂ ਨੇ ਬੱਚਿਆਂ ਨੂੰ ਤੇਜ਼ ਬੁਖਾਰ ਹੋਣ ਤੇ ਮੰਥੇ ਅਤੇ ਸ਼ਰੀਰ ਨੂੰ ਠੰਡੇ ਪਾਣੀ ਦੀਆਂ ਪੱਟੀਆਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਬਰਸਾਤਾਂ ਦੌਰਾਨ ਉਬਲਿਆ ਠੰਢਾ ਪਾਣੀ, ਜਾਂ ਘਰੇ ਦਾ ਪਾਣੀ, ਸ਼ਿਕੰਜਵੀ, ਲੱਸੀ, ਸੱਤੂ ਜਾਂ ਓ ਆਰ ਐਸ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ।

ਸਦਮੇਂ, ਸ਼ੂਗਰ ਦੇ ਘਟਣ ਸਮੇਂ ਤੁਰੰਤ ਫਸਟ ਏਡ ਕਰਨ ਦੀ ਜਾਣਕਾਰੀ ਦਿੱਤੀ। ਪ੍ਰਿੰਸੀਪਲ ਸ੍ਰੀਮਤੀ ਸਰਲਾ ਭਟਨਾਗਰ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਆਪਣੇ ਵਿਦਿਆਰਥੀਆਂ, ਅਧਿਆਪਕਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਿਹਤ, ਤੰਦਰੁਸਤੀ, ਅਰੋਗਤਾ ਅਤੇ ਐਮਰਜੈਂਸੀ ਦੌਰਾਨ ਫਸਟ ਏਡ ਆਦਿ ਬਾਰੇ ਜਾਣਕਾਰੀ ਦਿਲਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਵਿਦਿਆਰਥੀਆਂ ਜਾਂ ਪਰਿਵਾਰਕ ਮੈਂਬਰਾਂ ਨੂੰ ਇਸ ਤੁਰੂਂ ਦੀਆਂ ਸਮਸਿਆਵਾਂ ਆ ਸਕਦੀਆਂ ਹਨ ਇਸ